ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 4 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੮ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮਿਲਾਵਟਖੋਰੀ ਖ਼ਿਲਾਫ਼ ਕਾਰਵਾਈ ਕਰਨ ਵਾਲੇ ਫੂਡ ਸੇਫਟੀ ਅਫ਼ਸਰ ਅਭਿਨਵ ਕੁਮਾਰ ਖੋਸਲਾ ਮੁਅੱਤਲ

ਫਿਰੋਜਪੁਰ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਜ਼ਿਲ੍ਹਾ ਫਿਰੋਜ਼ਪੁਰ ਵਿੱਚ ਮਿਲਾਵਟਖੋਰੀ ਖ਼ਿਲਾਫ਼ ਲਗਾਤਾਰ ਜਾਂਚ ਅਤੇ ਕਾਰਵਾਈਆਂ ਕਰਨ ਵਾਲੇ ਫੂਡ ਸੇਫਟੀ ਅਫ਼ਸਰ ਅਭਿਨਵ ਕੁਮਾਰ ਖੋਸਲਾ ਨੂੰ ਮੁਅੱਤਲ ਕੀਤੇ ਜਾਣ ਦੀ ਖ਼ਬਰ ਸਾਹਮਣੇ ਆਈ ਹੈ। ਹਾਲਾਂਕਿ, ਉਨ੍ਹਾਂ ਦੀ ਮੁਅੱਤਲੀ ਦੇ ਅਧਿਕਾਰਤ ਕਾਰਨਾਂ ਅਤੇ ਇਸ ਸਬੰਧੀ ਜਾਰੀ ਹੁਕਮਾਂ ਦੀ ਵਿਸਥਾਰਤ ਜਾਣਕਾਰੀ ਹਾਲੇ ਜਨਤਕ ਤੌਰ 'ਤੇ ਸਾਹਮਣੇ ਨਹੀਂ ਆਈ। ਅਭਿਨਵ ਕੁਮਾਰ ਦੀ ਅਗਵਾਈ ਹੇਠ ਫਿਰੋਜ਼ਪੁਰ ਵਿੱਚ ਦੁੱਧ, ਪਨੀਰ, ਮਠਿਆਈਆਂ ਅਤੇ ਹੋਰ ਖਾਣ-ਪੀਣ ਵਾਲੀਆਂ ਵਸਤਾਂ ਦੀ ਜਾਂਚ ਸਬੰਧੀ ਕਈ ਮੁਹਿੰਮਾਂ ਚਲਾਈਆਂ ਗਈਆਂ ਹਨ। ਸਤੰਬਰ ਵਿੱਚ ਮੱਖੂ ਵਿਖੇ ਵਿਭਾਗੀ ਟੀਮ ਨੇ 140 ਕਿਲੋ ਪਨੀਰ ਕਬਜ਼ੇ ਵਿੱਚ ਲੈ ਕੇ ਸੈਂਪਲ ਜਾਂਚ ਲਈ ਭੇਜੇ ਸਨ। ਇਸੇ ਤਰ੍ਹਾਂ 27 ਸਤੰਬਰ ਨੂੰ ਫਿਰੋਜ਼ਪੁਰ ਸ਼ਹਿਰ, ਛਾਉਣੀ ਅਤੇ ਜੇਲ੍ਹ ਵਿੱਚ ਵੀ ਫੂਡ ਸੇਫਟੀ ਟੀਮ ਵੱਲੋਂ ਅਚਨਚੇਤ ਚੈਕਿੰਗ ਕੀਤੀ ਗਈ ਸੀ। ਇਸ ਦੌਰਾਨ ਮਠਿਆਈਆਂ ਦੀਆਂ ਦੁਕਾਨਾਂ, ਬੇਕਰੀਆਂ ਅਤੇ ਹੋਰ ਖਾਣ-ਪੀਣ ਵਾਲੀਆਂ ਇਕਾਈਆਂ ਦੀ ਜਾਂਚ ਕੀਤੀ ਗਈ। ਹੁਣ ਅਚਾਨਕ ਹੋਈ ਮੁਅੱਤਲੀ ਤੋਂ ਬਾਅਦ ਸਥਾਨਕ ਪੱਧਰ 'ਤੇ ਇਸ ਦੇ ਕਾਰਨਾਂ ਨੂੰ ਲੈ ਕੇ ਚਰਚਾ ਸ਼ੁਰੂ ਹੋ ਗਈ ਹੈ। ਕੁਝ ਲੋਕਾਂ ਵੱਲੋਂ ਇਸਨੂੰ ਮਿਲਾਵਟਖੋਰੀ ਖ਼ਿਲਾਫ਼ ਚੱਲ ਰਹੀ ਕਾਰਵਾਈ ਨਾਲ ਜੋੜ ਕੇ ਸਵਾਲ ਉਠਾਏ ਜਾ ਰਹੇ ਹਨ।

### ਭਾਜਪਾ ਐਮ.ਪੀ. ਰਾਮਵੀਰ ਸਿੰਘ ਬਿਧੂੜੀ ਨੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪਹੁੰਚ ਕੇ ਕੀਤੀ ਖਿਮਾ ਜਾਚਨਾ

# ਸਿੱਖ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਦੇ ਘਰ ਅਫ਼ਸੋਸ ਲਈ ਜਾਣ 'ਤੇ ਮੰਗੀ ਮੁਆਫ਼ੀ

ਅੰਮ੍ਰਿਤਸਰ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਦਿੱਲੀ ਤੋਂ ਭਾਜਪਾ ਦੇ ਸਾਂਸਦ ਰਾਮਵੀਰ ਸਿੰਘ ਬਿਧੂੜੀ ਜੋ ਬੀਤੇ ਦਿਨੀਂ ਦਿੱਲੀ ਸਿੱਖ ਕਤਲੇਆਮ ਦੇ ਦੋਸ਼ੀ ਕਾਂਗਰਸੀ ਆਗੂ ਸੱਜਣ ਕੁਮਾਰ ਦੇ ਘਰ ਅਫ਼ਸੋਸ ਲਈ ਗਏ ਸਨ ਉਹ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਖਿਮਾ ਜਾਚਨਾ ਕਰਨ ਪੁੱਜੇ। ਇਸ ਤੋਂ ਪਹਿਲਾਂ ਬਿਧੂੜੀ ਵੱਲੋਂ 5 ਸਤੰਬਰ 2026 ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਲਿਖਤੀ ਰੂਪ ਵਿੱਚ ਖਿਮਾ ਜਾਚਨਾ ਭੇਜੀ ਗਈ ਸੀ। ਅੱਜ ਸ੍ਰੀ ਬਿਧੂੜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ



ਵਿਖੇ ਨਿੱਜੀ ਰੂਪ ਵਿੱਚ ਨਤਮਸਤਕ ਹੋ ਕੇ ਗੁਰੂ ਸਾਹਿਬ ਪਾਸੋਂ ਖਿਮਾ ਜਾਚਨਾ ਕੀਤੀ ਹੈ। ਉਪਰੰਤ ਉਹ ਸਕੱਤਰੇਤ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਮਿਲੇ ਤੇ ਆਪਣਾ ਖਿਮਾ ਜਾਚਨਾ ਪੱਤਰ ਸੌਂਪਿਆ ਤੇ ਪੱਖ ਰੱਖਿਆ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਚੰਗੀ ਗੱਲ ਹੈ ਕਿ ਸਾਂਸਦ ਰਾਮਵੀਰ ਸਿੰਘ ਬਿਧੂੜੀ ਨੇ ਆਪਣੀ ਗਲਤੀ ਦਾ ਅਹਿਸਾਸ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਖਿਮਾ ਜਾਚਨਾ ਕੀਤੀ ਹੈ। ਆਪਣੀ ਖਿਮਾ ਜਾਚਨਾ ਵਿੱਚ ਬਿਧੂੜੀ ਨੇ ਕਿਹਾ ਕਿ ਉਹ ਹਮੇਸ਼ਾ ਸੱਜਣ ਕੁਮਾਰ ਦੇ ਵਿਰੋਧ ਵਿੱਚ ਸਿੱਖ ਕਤਲੇਆਮ ਦੇ ਦੋਸ਼ੀ ਹੋਣ ਕਰਕੇ ਬੋਲਦੇ ਰਹੇ ਹਨ। ਉਨ੍ਹਾਂ ਮੰਨਿਆ ਕਿ ਅਜਿਹੇ ਬੰਦੇ ਦੇ ਅਫ਼ਸੋਸ ਉੱਤੇ ਜਾਣਾ ਵੀ ਪਾਪ ਹੈ ਜਿਸ ਨੇ ਸਿੱਖ ਕਤਲੇਆਮ ਵਿੱਚ ਹਿੱਸਾ ਪਾਇਆ ਹੋਵੇ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਹੋਰ ਵੀ ਕਈ ਸਿਆਸੀ ਆਗੂ ਖ਼ਾਸਕਰ ਕਾਂਗਰਸ ਪਾਰਟੀ ਨਾਲ ਸਬੰਧਤ ਉੱਥੇ ਗਏ ਸਨ, ਉਨ੍ਹਾਂ ਨੂੰ ਵੀ ਬਿਧੂੜੀ ਦੀ ਖਿਮਾ ਜਾਚਨਾ ਤੋਂ ਸੇਧ ਲੈਣੀ ਚਾਹੀਦੀ ਹੈ ਅਤੇ ਸਿੱਖ ਕੌਮ ਪਾਸੋਂ ਮੁਆਫ਼ੀ ਮੰਗਣੀ ਚਾਹੀਦੀ ਹੈ। ਇਸ ਮੌਕੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਵੀ ਹਾਜ਼ਰ ਰਹੇ।

## ਓਮਾਨ 'ਚ ਫਸੀਆਂ ਦੋ ਪੰਜਾਬੀ ਲੜਕੀਆਂ ਦੀ ਸੰਤ ਸੀਚੇਵਾਲ ਦੇ ਯਤਨਾਂ ਸਦਕਾ ਹੋਈ ਵਾਪਸੀ

ਸੁਲਤਾਨਪੁਰ ਲੋਧੀ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਓਮਾਨ ਦੇ ਮਸਕਟ ਵਿੱਚ ਫਸੀਆਂ ਜਲੰਧਰ ਅਤੇ ਕਪੂਰਥਲਾ ਜ਼ਿਲ੍ਹਿਆਂ ਦੀਆਂ ਦੋ ਪੰਜਾਬੀ ਲੜਕੀਆਂ ਦੀ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ ਸੁਰੱਖਿਅਤ ਭਾਰਤ ਵਾਪਸੀ ਹੋਈ ਹੈ। ਇਹ ਦੋਵੇ ਲੜਕੀਆਂ ਏਸੇ ਸਾਲ ਮਸਕਟ ਪਹੁੰਚੀਆਂ ਸਨ, ਜਿੱਥੇ ਉਨ੍ਹਾਂ ਨੂੰ ਮੋਟੀ ਤਨਖਾਹ ਤੇ ਨੌਕਰੀ ਦਾ ਭਰੋਸਾ ਦਿੱਤਾ ਸੀ ਪਰ ਹੋਇਆ ਸਭ ਕੁਝ ਉਲਟ। ਸੁਲਤਾਨਪੁਰ ਲੋਧੀ ਨਿਰਮਲ ਕੁਟੀਆਂ ਇੰਨ੍ਹਾਂ ਲੜਕੀਆਂ ਨਾਲ ਆਏ ਪਰਿਵਾਰਾਂ ਨੇ ਸੰਤ ਸੀਚੇਵਾਲ ਦਾ ਧੰਨਵਾਦ ਕੀਤਾ, ਜਿਨ੍ਹਾਂ ਦੇ ਯਤਨਾਂ ਸਦਕਾ ਉਨ੍ਹਾਂ ਦੀਆਂ ਧੀਆਂ ਵਾਪਸ ਪਰਿਵਾਰਾਂ ਵਿੱਚ ਪਰਤ ਆਈਆਂ ਹਨ। ਇੰਨ੍ਹਾਂ ਦੋਵੇਂ ਮਾਮਲਿਆਂ ਵਿੱਚ ਇੰਨ੍ਹਾਂ ਲੜਕੀਆਂ ਨੂੰ ਓਮਾਨ ਲੈ ਜਾਣ ਵਿੱਚ ਲੜਕੀਆਂ ਹੀ ਟ੍ਰੈਵਲ ਏਜੰਟ ਵਜੋਂ ਵਿਚਰ ਰਹੀਆਂ ਸਨ। ਦੋਹਾਂ ਪਰਿਵਾਰਾਂ ਨੇ ਪੁਲੀਸ ਕੋਲ ਵੀ ਸ਼ਿਕਾਇਤਾਂ ਦਰਜ ਕਰਵਾਈਆਂ ਹਨ। ਇਹਨਾਂ ਲੜਕੀਆਂ ਦਾ ਕਹਿਣਾ ਸੀ ਕਿ ਉਹਨਾਂ ਨੂੰ ਮੁਬਈ ਏਅਰਪੋਰਟ ਤੋਂ ਓਮਾਨ ਲਿਜਾਇਆ ਜਾ ਰਿਹਾ ਹੈ। ਮੀਡੀਆ ਨਾਲ ਰੂ-ਬਾਰੂ ਹੁੰਦਿਆ ਇੰਨ੍ਹਾਂ ਲੜਕੀਆਂ ਨੇ ਦੱਸਿਆ ਕਿ ਅਜੇ ਵੀ ਮਸਕਟ ਵਿੱਚ 130 ਦੇ ਕਰੀਬ ਲੜਕੀਆਂ ਫਸੀਆਂ ਹੋਈਆਂ ਹਨ। ਜਿਹੜੀਆਂ ਵਾਪਸੀ ਦੀ ਉਡੀਕ ਕਰ ਰਹੀਆਂ ਹਨ। ਦੋਵਾਂ ਲੜਕੀਆਂ ਦੇ ਪਰਿਵਾਰਾਂ ਵੱਲੋਂ ਸੰਤ ਸੀਚੇਵਾਲ ਨੂੰ ਲਿਖਤੀ ਅਰਜ਼ੀਆਂ ਦੇ ਕੇ ਆਪਣੀਆਂ ਧੀਆਂ ਨੂੰ ਓਮਾਨ ਤੋਂ ਸੁਰੱਖਿਅਤ ਵਾਪਸ ਲਿਆਉਣ ਲਈ ਪਹੁੰਚ ਕੀਤੀ ਸੀ। ਪਰਿਵਾਰਾਂ ਵੱਲੋਂ ਦਿੱਤੀਆਂ ਅਰਜ਼ੀਆਂ ਵਿੱਚ ਓਮਾਨ ਵਿੱਚ ਉਨ੍ਹਾਂ ਦੀਆਂ ਧੀਆਂ ਨਾਲ ਹੋ ਰਹੇ ਸ਼ੋਸ਼ਣ, ਕੁੱਟਮਾਰ, ਧਮਕੀਆਂ ਅਤੇ ਵਾਪਸੀ ਲਈ ਪੈਸਿਆਂ ਦੀ ਮੰਗ ਸਬੰਧੀ ਗੰਭੀਰ ਦੋਸ਼ ਲਗਾਏ ਗਏ ਸਨ।



## ਚੋਣਾਂ ਤੋਂ ਪਹਿਲਾਂ ਸਿਆਸੀ ਹਲਚਲ ਜਾਰੀ, ਕਾਂਗਰਸ 'ਚ ਇੱਕ ਹੋਰ ਵੱਡਾ ਫੇਰਬਦਲ

ਚੰਡੀਗੜ੍ਹ (ਨਵੀਂ ਦਿੱਲੀ), 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)= ਸਿਆਸੀ ਜਗਤ ਤੋਂ ਅਹਿਮ ਖਬਰ ਸਾਹਮਣੇ ਆ ਰਹੀ ਹੈ, ਜਿਸ ਨੇ ਵਿਧਾਨ ਸਭਾ 2027 ਚੋਣਾਂ ਤੋਂ ਪਹਿਲਾਂ ਸਿਆਸਤਦਾਨਾਂ ਵਿਚਾਲੇ ਹਲਚਲ ਮਚਾਈ ਹੋਈ ਹੈ। ਦੱਸ ਦੇਈਏ ਕਿ ਪੰਜਾਬ ਕਾਂਗਰਸ ਵਿੱਚ ਫੇਰਬਦਲ ਤੋਂ ਬਾਅਦ ਹੁਣ ਉੱਤਰ ਪ੍ਰਦੇਸ਼ ਵਿੱਚ ਵੀ ਵੱਡਾ ਬਦਲਾਅ ਕੀਤਾ ਗਿਆ ਹੈ। ਦਰਅਸਲ, 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਨੇ ਉੱਤਰ ਪ੍ਰਦੇਸ਼ ਵਿੱਚ ਆਪਣੀ ਸੂਬਾ ਇਕਾਈ ਦੀ ਅਗਵਾਈ ਬਦਲ ਦਿੱਤੀ ਹੈ। ਪਾਰਟੀ ਨੇ ਤਿੰਨ ਵਾਰ ਦੀ ਰਾਮਪੁਰ ਖਾਸ ਵਿਧਾਇਕ ਅਰਾਧਨਾ ਮਿਸ਼ਰਾ 'ਮੋਨਾ' ਨੂੰ ਉੱਤਰ ਪ੍ਰਦੇਸ਼ ਕਾਂਗਰਸ ਕਮੇਟੀ ਦੀ ਨਵੀਂ ਪ੍ਰਧਾਨ ਨਿਯੁਕਤ ਕੀਤਾ ਹੈ। ਉਨ੍ਹਾਂ ਦੀ ਨਿਯੁਕਤੀ ਨਾਲ ਅਜੈ ਰਾਏ ਦੀ ਥਾਂ ਹੁਣ ਨਵੀਂ ਲੀਡਰਸ਼ਿਪ ਨੇ ਸੰਭਾਲ ਲਈ ਹੈ। ਇਸ ਵੱਡੇ ਫੇਰਬਦਲ ਵਿੱਚ ਸਹਾਰਨਪੁਰ ਤੋਂ ਕਾਂਗਰਸ ਸੰਸਦ ਮੈਂਬਰ ਇਮਰਾਨ ਮਸੂਦ ਨੂੰ ਸੂਬਾ ਇਕਾਈ ਦਾ ਕਾਰਜਕਾਰੀ ਪ੍ਰਧਾਨ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਦੇਵੇਂਦਰ ਨਿਸ਼ਾਦ ਅਤੇ ਆਲੋਕ ਪ੍ਰਸਾਦ ਨੂੰ ਸੀਨੀਅਰ ਉਪ ਪ੍ਰਧਾਨ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ। ਪਾਰਟੀ ਦੇ ਫੈਸਲੇ ਮੁਤਾਬਕ ਇਹ ਨਿਯੁਕਤੀਆਂ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਈਆਂ ਹਨ। ਸੰਗਠਨ ਵਿੱਚ ਇੱਕ ਹੋਰ ਅਹਿਮ ਬਦਲਾਅ ਵੀ ਕੀਤਾ ਗਿਆ ਹੈ। ਚੌਧਰੀ ਵੀਰੇਂਦਰ ਸਿੰਘ ਨੂੰ ਉੱਤਰ ਪ੍ਰਦੇਸ਼ ਵਿੱਚ ਕਾਂਗਰਸ ਵਿਧਾਇਕ ਦਲ ਦਾ ਨਵਾਂ ਨੇਤਾ ਬਣਾਇਆ ਗਿਆ ਹੈ। ਇਹ ਜ਼ਿੰਮੇਵਾਰੀ ਪਹਿਲਾਂ ਅਰਾਧਨਾ ਮਿਸ਼ਰਾ ਕੋਲ ਸੀ। ਇਸ ਤਰ੍ਹਾਂ ਸੂਬਾ ਪ੍ਰਧਾਨ ਦੇ ਅਹੁਦੇ ਦੇ ਨਾਲ ਵਿਧਾਨ ਸਭਾ ਵਿੱਚ ਪਾਰਟੀ ਦੀ ਅਗਵਾਈ ਵੀ ਵੱਖਰੇ ਆਗੂ ਨੂੰ ਸੌਂਪੀ ਗਈ ਹੈ। ਅਰਾਧਨਾ ਮਿਸ਼ਰਾ 'ਮੋਨਾ' ਪ੍ਰਤਾਪਗੜ੍ਹ ਜ਼ਿਲ੍ਹੇ ਦੇ ਰਾਮਪੁਰ ਖਾਸ ਹਲਕੇ ਤੋਂ ਤਿੰਨ ਵਾਰ ਵਿਧਾਇਕ ਹਨ। ਉਹ ਪਹਿਲੀ ਵਾਰ 2014 ਦੀ ਉਪ ਚੋਣ ਵਿੱਚ ਵਿਧਾਨ ਸਭਾ ਪਹੁੰਚੇ ਸਨ ਅਤੇ ਇਸ ਤੋਂ ਬਾਅਦ 2017 ਅਤੇ 2022 ਦੀਆਂ ਚੋਣਾਂ ਵਿੱਚ ਵੀ ਜਿੱਤ ਦਰਜ ਕੀਤੀ। ਉਹ ਸੀਨੀਅਰ ਕਾਂਗਰਸੀ ਆਗੂ ਅਤੇ ਰਾਜ ਸਭਾ ਮੈਂਬਰ ਪ੍ਰਮੋਦ ਤਿਵਾੜੀ ਦੀ ਧੀ ਹਨ ਅਤੇ ਦੋ ਦਹਾਕਿਆਂ ਤੋਂ ਵੱਧ ਸਮੇਂ ਤੋਂ ਉੱਤਰ ਪ੍ਰਦੇਸ਼ ਦੀ ਸਿਆਸਤ ਵਿੱਚ ਸਰਗਰਮ ਹਨ। ਦੂਜੇ ਪਾਸੇ ਇਮਰਾਨ ਮਸੂਦ ਪੱਛਮੀ ਉੱਤਰ ਪ੍ਰਦੇਸ਼ ਦੀ ਸਿਆਸਤ ਵਿੱਚ ਜਾਣਿਆ-ਪਛਾਣਿਆ ਨਾਮ ਹਨ। ਉਹ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਸਹਾਰਨਪੁਰ ਤੋਂ ਕਾਂਗਰਸ ਦੀ ਟਿਕਟ 'ਤੇ ਸੰਸਦ ਮੈਂਬਰ ਚੁਣੇ ਗਏ ਸਨ। ਹੁਣ ਕਾਰਜਕਾਰੀ ਪ੍ਰਧਾਨ ਦੀ ਨਵੀਂ ਜ਼ਿੰਮੇਵਾਰੀ ਨਾਲ ਉਨ੍ਹਾਂ ਦੀ ਭੂਮਿਕਾ ਸੂਬਾ ਸੰਗਠਨ ਵਿੱਚ ਹੋਰ ਮਹੱਤਵਪੂਰਨ ਹੋ ਗਈ ਹੈ। ਕਾਂਗਰਸ ਦਾ ਇਹ ਬਦਲਾਅ ਅਜਿਹੇ ਸਮੇਂ ਹੋਇਆ ਹੈ ਜਦੋਂ ਉੱਤਰ ਪ੍ਰਦੇਸ਼ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਦਾ ਦੌਰ ਸ਼ੁਰੂ ਹੋ ਚੁੱਕਾ ਹੈ। ਪਾਰਟੀ ਦੇ ਨਵੇਂ ਢਾਂਚੇ ਵਿੱਚ ਵੱਖ-ਵੱਖ ਖੇਤਰਾਂ ਅਤੇ ਸਮਾਜਿਕ ਵਰਗਾਂ ਨਾਲ ਜੁੜੇ ਆਗੂਆਂ ਨੂੰ ਅਹਿਮ ਅਹੁਦੇ ਮਿਲੇ ਹਨ। ਹਾਲਾਂਕਿ ਇਨ੍ਹਾਂ ਨਿਯੁਕਤੀਆਂ ਦੇ ਸਿਆਸੀ ਪ੍ਰਭਾਵ ਬਾਰੇ ਵੱਖ-ਵੱਖ ਵਿਸ਼ਲੇਸ਼ਣ ਸਾਹਮਣੇ ਆ ਰਹੇ ਹਨ, ਪਾਰਟੀ ਵੱਲੋਂ ਅਧਿਕਾਰਤ ਤੌਰ 'ਤੇ ਇਨ੍ਹਾਂ ਨੂੰ ਸੰਗਠਨਾਤਮਕ ਬਦਲਾਅ ਵਜੋਂ ਪੇਸ਼ ਕੀਤਾ ਗਿਆ ਹੈ।

## ਬੰਦੀ ਸਿੰਘਾਂ ਦੀ ਰਿਹਾਈ ਲਈ ਫਤਹਿਗੜ੍ਹ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ ਰੋਸ ਮਾਰਚ ਸ਼ੁਰੂ



## 'ਵਾਰਿਸ ਪੰਜਾਬ ਦੇ' 'ਚ ਸ਼ਾਮਿਲ ਹੋਏ ਮਸ਼ਹੂਰ ਗੀਤਕਾਰ ਤੇ ਕਹਾਣੀਕਾਰ ਗਿੱਲ ਰੌਂਤਾ

**ਚੰਡੀਗੜ੍ਹ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬੀ ਸੰਗੀਤ ਇੰਡਸਟਰੀ ਦੇ ਪ੍ਰਸਿੱਧ ਗਾਇਕ ਅਤੇ ਲੇਖਕ ਗਿੱਲ ਰੌਂਤਾ "ਵਾਰਿਸ ਪੰਜਾਬ ਦੇ" ਵਿੱਚ ਸ਼ਾਮਲ ਹੋਏ। ਉਨ੍ਹਾਂ ਨੇ ਮੋਹਾਲੀ ਵਿੱਚ ਆਯੋਜਿਤ ਇੱਕ ਪ੍ਰੋਗਰਾਮ ਦੌਰਾਨ ਮੈਂਬਰਸ਼ਿਪ ਲਈ। ਪਾਰਟੀ ਦੇ ਕਾਰਜਕਾਰੀ ਪ੍ਰਧਾਨ ਤਰਸੇਮ ਸਿੰਘ, ਸੀਨੀਅਰ ਆਗੂ ਅਤੇ ਦਾਖਾ ਦੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਅਤੇ ਸੰਸਦ ਮੈਂਬਰ ਸਰਬਜੀਤ ਸਿੰਘ ਖਾਲਸਾ ਮੌਜੂਦ ਸਨ। ਇਸ ਸਮਾਗਮ ਦੌਰਾਨ "ਵਾਰਿਸ ਪੰਜਾਬ ਦੇ" ਦੀ ਪੁਆਧ ਇਕਾਈ ਦੇ ਦਫ਼ਤਰ ਦਾ ਉਦਘਾਟਨ ਵੀ ਕੀਤਾ ਗਿਆ। ਗਿੱਲ ਰੌਂਤਾ ਦੇ ਪਾਰਟੀ ਵਿੱਚ ਸ਼ਾਮਲ ਹੋਣ ਦੌਰਾਨ, ਆਗੂਆਂ ਨੇ ਸੰਗਠਨ ਨੂੰ ਮਜ਼ਬੂਤ ? ?ਕਰਨ ਅਤੇ ਭਵਿੱਖ ਵਿੱਚ ਇਸ ਖੇਤਰ ਵਿੱਚ ਇਸਦੀਆਂ ਗਤੀਵਿਧੀਆਂ ਨੂੰ ਵਧਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ। ਮਨਪ੍ਰੀਤ ਸਿੰਘ ਇਆਲੀ ਅਤੇ ਗਿੱਲ ਰੌਂਤਾ ਨੇ ਵੀ ਸਮਾਗਮ ਨੂੰ ਸੰਬੋਧਨ ਕੀਤਾ। ਦੋਵਾਂ ਨੇ ਪੰਜਾਬ ਨਾਲ ਸਬੰਧਤ ਮੁੱਦਿਆਂ ਅਤੇ ਲੋਕਾਂ ਵਿੱਚ ਸੰਗਠਨ ਦੀ ਸਰਗਰਮੀ ਵਧਾਉਣ ਬਾਰੇ ਗੱਲ ਕੀਤੀ। ਗਿੱਲ ਰੌਂਤਾ ਨੇ ਕਿਹਾ ਕਿ ਉਨ੍ਹਾਂ ਨੇ ਹਮੇਸ਼ਾ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨਾਲ ਸਬੰਧਤ ਮੁੱਦਿਆਂ ਨੂੰ ਤਰਜੀਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਉਹ ਹੁਣ ਸੰਗਠਨ ਰਾਹੀਂ ਲੋਕਾਂ ਦੇ ਵਿਚਕਾਰ ਰਹਿ ਕੇ ਉਨ੍ਹਾਂ ਦੀ ਆਵਾਜ਼ ਬੁਲੰਦ ਕਰਨ ਦੀ ਕੋਸ਼ਿਸ਼ ਕਰਨਗੇ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧੇ ਸੰਪਰਕ ਵਿੱਚ ਰਹਿਣਾ ਅਤੇ ਉਨ੍ਹਾਂ ਦੇ ਮੁੱਦਿਆਂ ਨੂੰ ਸਮਝਣਾ ਮਹੱਤਵਪੂਰਨ ਹੈ। ਸੰਗਠਨ ਰਾਹੀਂ ਪੰਜਾਬ ਨਾਲ ਸਬੰਧਤ ਮੁੱਦਿਆਂ 'ਤੇ ਆਪਣੇ ਵਿਚਾਰ ਪ੍ਰਗਟ ਕਰਨ ਅਤੇ ਲੋਕਾਂ ਨਾਲ ਨਿਰੰਤਰ ਸੰਪਰਕ ਬਣਾਈ ਰੱਖਣ ਦੀ ਕੋਸ਼ਿਸ਼ ਕੀਤੀ ਜਾਵੇਗੀ।

## ਐਨ.ਆਰ.ਆਈ. ਜ਼ਮੀਨ ਮਾਲਕ ਦੀਆਂ ਧਮਕੀਆਂ ਤੋਂ ਪ੍ਰੇਸ਼ਾਨ ਹੋ ਕੇ ਕੀਤੀ ਆਤਮ ਹੱਤਿਆ

ਮੋਗਾ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਮੋਗਾ ਦੇ ਪਿੰਡ ਧੱਲੇਕੇ ਵਾਸੀ ਕਿਸਾਨ ਅਤੇ ਸਾਬਕਾ ਪੰਚਾਇਤ ਮੈਂਬਰ ਗੁਰਦੀਪ ਸਿੰਘ ਨੇ ਸ਼ਨੀਵਾਰ ਸਵੇਰੇ ਆਪਣੇ ਘਰ ਵਿੱਚ ਲਾਈਸੈਂਸਸ਼ੁਦਾ 32 ਬੋਰ ਰਿਵਾਲਵਰ ਨਾਲ ਸਿਰ ਵਿੱਚ ਗੋਲੀ ਮਾਰ ਕੇ ਆਤਮਹੱਤਿਆ ਕਰ ਲਈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ। ਜਾਣਕਾਰੀ ਮੁਤਾਬਕ ਲੁਧਿਆਣਾ ਵਾਸੀ ਬਲਵਿੰਦਰ ਸਿੰਘ ਦੀ ਮੋਗਾ ਦੇ ਪਿੰਡ ਖੋਸਾ ਰਣਧੀਰ ਵਿੱਚ ਕਰੀਬ 20 ਏਕੜ ਜ਼ਮੀਨ ਹੈ। ਗੁਰਦੀਪ ਸਿੰਘ ਨੇ ਇਹ ਜ਼ਮੀਨ ਠੇਕੇ 'ਤੇ ਲੈ ਕੇ ਉਸ ਵਿੱਚ ਝੋਨੇ ਦੀ ਫਸਲ ਬੀਜੀ ਹੋਈ ਸੀ। ਦੱਸਿਆ ਜਾ ਰਿਹਾ ਹੈ ਕਿ ਜ਼ਮੀਨ ਨੂੰ ਲੈ ਕੇ ਬਲਵਿੰਦਰ ਸਿੰਘ ਅਤੇ ਉਸ ਦੇ ਐਨ.ਆਰ.ਆਈ. ਭਰਾ ਜੋਗਿੰਦਰ ਸਿੰਘ ਮਿੱਠੂ ਵਿਚਕਾਰ ਵਿਵਾਦ ਚੱਲ ਰਿਹਾ ਸੀ। ਪਰਿਵਾਰ ਮੁਤਾਬਕ 23 ਸਤੰਬਰ ਨੂੰ ਗੁਰਦੀਪ ਸਿੰਘ ਦੀ ਕਰੀਬ ਸਾਢੇ 4 ਏਕੜ ਫਸਲ 'ਤੇ ਸਪਰੇਅ ਕਰਕੇ ਉਸ ਨੂੰ ਨੁਕਸਾਨ ਪਹੁੰਚਾਇਆ ਗਿਆ ਸੀ। ਇਸ ਤੋਂ ਇਲਾਵਾ ਖੇਤ ਵਿੱਚ ਲੱਗੀ ਮੋਟਰ ਨੂੰ ਵੀ ਨੁਕਸਾਨ ਪਹੁੰਚਾਉਣ ਦੀ ਗੱਲ ਸਾਹਮਣੇ ਆਈ ਹੈ, ਜਿਸ ਕਾਰਨ ਖੇਤਾਂ ਵਿੱਚ ਪਾਣੀ ਨਹੀਂ ਪਹੁੰਚ ਸਕਿਆ। ਪਰਿਵਾਰਕ ਮੈਂਬਰਾਂ ਮੁਤਾਬਕ ਇਸ ਵਿਵਾਦ ਤੋਂ ਬਾਅਦ ਗੁਰਦੀਪ ਸਿੰਘ ਨੂੰ ਕਥਿਤ ਤੌਰ 'ਤੇ ਲਗਾਤਾਰ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਰਹੀਆਂ ਸਨ ਅਤੇ ਉਹ ਪਿਛਲੇ ਕੁਝ ਦਿਨਾਂ ਤੋਂ ਪਰੇਸ਼ਾਨ ਸੀ। ਸ਼ਨੀਵਾਰ ਸਵੇਰੇ ਉਸ ਨੇ ਆਪਣੇ ਘਰ ਵਿੱਚ ਲਾਈਸੈਂਸਸ਼ੁਦਾ .32 ਬੋਰ ਰਿਵਾਲਵਰ ਨਾਲ ਸਿਰ ਵਿੱਚ ਗੋਲੀ ਮਾਰ ਲਈ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਮ੍ਰਿਤਕ ਗੁਰਦੀਪ ਸਿੰਘ ਦੀ ਉਮਰ 55 ਸਾਲ ਸੀ। ਉਸ ਦੇ ਪਰਿਵਾਰ ਵਿੱਚ ਦੋ ਧੀਆਂ ਅਤੇ ਇੱਕ ਪੁੱਤਰ ਹੈ। ਦੱਸਿਆ ਜਾ ਰਿਹਾ ਹੈ ਕਿ ਉਸ ਦੀ ਵੱਡੀ ਧੀ ਦਾ ਵਿਆਹ ਜਨਵਰੀ 2027 ਵਿੱਚ ਹੋਣਾ ਸੀ। ਪੁਲਿਸ ਵੱਲੋਂ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਪੁਲਿਸ ਵੱਲੋਂ ਮਾਮਲੇ ਦੇ ਸਾਰੇ ਪਹਿਲੂਆਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਧਮਕੀਆਂ ਦੇਣ ਸਮੇਤ ਜ਼ਮੀਨੀ ਵਿਵਾਦ ਨਾਲ ਜੁੜੇ ਦੋਸ਼ਾਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਡੀਐਸਪੀ ਰਾਹੁਲ ਕੌਸ਼ਲ ਨੇ ਦੱਸਿਆ ਕਿ ਜੀਰਾ ਰੋਡ ਸਥਿਤ ਇੱਕ ਨਿੱਜੀ ਹਸਪਤਾਲ ਤੋਂ ਸੂਚਨਾ ਮਿਲੀ ਸੀ ਕਿ ਪਿੰਡ ਧੱਲੇਕੇ ਦੇ 55 ਸਾਲਾ ਗੁਰਦੀਪ ਸਿੰਘ ਨੇ ਗੋਲੀ ਮਾਰ ਕੇ ਆਤਮਹੱਤਿਆ ਕਰ ਲਈ ਹੈ। ਮੁੱਢਲੀ ਜਾਂਚ ਦੌਰਾਨ ਮੌਕੇ ਤੋਂ ਇੱਕ ਸੁਸਾਈਡ ਨੋਟ ਵੀ ਬਰਾਮਦ ਹੋਇਆ ਹੈ। ਪੁਲਿਸ ਵੱਲੋਂ ਮ੍ਰਿਤਕ ਦੇ ਪੁੱਤਰ ਦੇ ਬਿਆਨ ਦਰਜ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net


ਧੁਰਕੀ ਸਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

# ਇੱਕ ਨਜ਼ਰ . . .



## ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦੇ ਤੀਜੇ ਦਿਨ ਜਬਰਦਸਤ ਮੁਕਾਬਲੇ

ਚੌਂਕ ਮਹਿਤਾ,3 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਤੀਜੇ ਦਿਨ ਵੱਖ-ਵੱਖ ਟੀਮਾਂ ਵਿਚਕਾਰ ਫਸਵੇਂ ਮੁਕਾਬਲੇ ਕਰਵਾਏ ਗਏ।ਅੰਡਰ-14 ਵਰਗ ਵਿੱਚ ਆਰਮੀ ਪਬਲਿਕ ਸਕੂਲ, ਕਾਨਪੁਰ ਅਤੇ ਸਾਰਥਾਂ ਇੰਟਰਨੈਸ਼ਨਲ ਸਕੂਲ, ਤਮਿਲਨਾਡੂ ਵਿਚਕਾਰ ਜਬਰਦਸਤ ਮੁਕਾਬਲਾ ਹੋਇਆ, ਜਿਸ ਵਿੱਚ ਤਮਿਲਨਾਡੂ ਦੀ ਟੀਮ ਨੇ ਸ਼ਾਨਦਾਰ ਜਿੱਤ ਦਰਜ ਕੀਤੀ। ਇਸੇ ਤਰ੍ਹਾਂ ਅੰਡਰ-14 ਵਰਗ ਵਿੱਚ ਆਰਮੀ ਪਬਲਿਕ ਸਕੂਲ ਦਾ ਮੁਕਾਬਲਾ ਡਰੀਮ ਵਰਡ ਸਕੂਲ, ਕਰਨਾਟਕ ਨਾਲ ਹੋਇਆ, ਜਿਸ ਵਿੱਚ ਕਰਨਾਟਕ ਦੀ ਟੀਮ ਨੇ ਜਿੱਤ ਹਾਸਲ ਕੀਤੀ। ਅੰਡਰ-17 ਵਰਗ ਵਿੱਚ ਓ.ਪੀ. ਜਿੰਦਲ ਸਕੂਲ ਅਤੇ ਆਈ.ਏ.ਟੀ.ਵੀ. ਐਜੂਕੇਸ਼ਨਲ ਅਕੈਡਮੀ ਦੀਆਂ ਟੀਮਾਂ ਵਿਚਕਾਰ ਮੁਕਾਬਲਾ ਹੋਇਆ। ਅੰਡਰ-19 ਵਰਗ ਵਿੱਚ ਡਰੀਮ ਵਰਲਡ ਸਕੂਲ ਅਤੇ ਸ਼੍ਰੀ ਰਾਮ ਵਿਦਿਆ ਮੰਦਰ ਦੀਆਂ ਟੀਮਾਂ ਵਿਚਕਾਰ ਰੋਮਾਂਚਕ ਮੁਕਾਬਲਾ ਹੋਇਆ, ਜਿਸ ਵਿੱਚ ਸ਼੍ਰੀ ਰਾਮ ਵਿਦਿਆ ਮੰਦਰ ਦੀਆਂ ਖਿਡਾਰਨਾਂ ਨੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਇਸ ਮੌਕੇ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਹਾਕੀ ਕੋਚ ਸਰਦਾਰ ਬਰਜਿੰਦਰ ਸਿੰਘ, ਸਰਦਾਰ ਮਨਮੀਤ ਸਿੰਘ, ਦਮਨਪ੍ਰੀਤ ਸਿੰਘ, ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਹਾਕੀ ਕੋਚਾਂ ਅਤੇ ਅਧਿਆਪਕ ਸਾਹਿਬਾਨ ਨੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ ਅਤੇ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

### ਬੰਦੀ ਛੋੜ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ

## ਪਿੰਡ ਅਲੀਪੁਰ ਖਾਲਸਾ ਵਿਖੇ 18, 19, 20 ਅਤੇ 21 ਅਕਤੂਬਰ ਨੂੰ: ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲੇ



ਧੂਰੀ, 3 ਅਕਤੂਬਰ ( ਰਣਜੀਤ ਸਿੰਘ ਪੇਧਨੀ)- ਇਲਾਕੇ ਦੀ ਧਾਰਮਿਕ ਸਖਸੀਅਤ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲਿਆਂ ਦੀ ਯੋਗ ਅਗਵਾਈ ਹੇਠ ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਗੁਰਦੁਆਰਾ ਗੁਰੂਸਰ ਪਾਤਿਸ਼ਾਹੀ ਛੇਵੀਂ, ਪਿੰਡ ਅਲੀਪੁਰ ਖਾਲਸਾ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ, ਪੰਜਾਬ ਵਿਖੇ 18, 19,20 ਅਤੇ 21 ਅਕਤੂਬਰ 2026 ਨੂੰ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲਿਆਂ ਨੇ ਕਿਹਾ ਕਿ 1 ਅਕਤੂਬਰ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਦਿਆ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਸੂਰੂ ਹੋ ਚੁੱਕੀ ਹੈ ਜਿਨ੍ਹਾਂ ਦੇ 29 ਅਕਤੂਬਰ ਨੂੰ ਭੋਗ ਪਾਏ ਜਾਣਗੇ। ਉਨ੍ਹਾਂ ਕਿਹਾ ਕਿ 18 ਅਕਤੂਬਰ 2026 ਦਸਤਾਰ ਮੁਕਾਬਲੇ ਨਾਲ ਹੀ ਦੁਪਹਿਰ ਦਾ ਦੀਵਾਨ 1:00 ਵਜੇ ਤੋਂ 4:00 ਵਜੇ ਤੱਕ ਹੋਵੇਗਾ, 19 ਅਕਤੂਬਰ 2026 ਦੁਪਹਿਰ ਦਾ ਦੀਵਾਨ ਸਮਾਂ 10 ਤੋਂ 4, 20 ਅਕਤੂਬਰ 2026 ਦੁਪਹਿਰ ਦਾ ਦੀਵਾਨ 10 ਤੋਂ 4 ਅਤੇ 21 ਅਕਤੂਬਰ 2026 ਮਹਾਨ ਨਗਰ ਕੀਰਤਨ ਕੱਢਿਆਂ ਜਾਵੇਗਾ ਜਿਸ ਵਿੱਚ ਇਲਾਕੇ ਦੀਆਂ ਸੰਗਤਾਂ ਵਧ ਚੜ ਕੇ ਹਿੱਸਾ ਲੈਣਗੀਆਂ। ਉਨ੍ਹਾਂ ਕਿਹਾ ਹੈ ਇਨ੍ਹਾਂ ਪਾਵਨ ਸਮਾਗਮਾਂ ਵਿੱਚ ਬੇਅੰਤ ਪ੍ਰਚਾਰਕ, ਕਥਾਵਾਚਕ, ਕੀਰਤਨੀਏ ਅਤੇ ਮਹਾਂਪੁਰਖ ਪਹੁੰਚ ਕੇ ਸੰਗਤਾਂ ਨੂੰ ਗੁਰਬਾਣੀ, ਕਥਾ-ਵਿਚਾਰ ਅਤੇ ਗੁਰਮਤਿ ਨਾਲ ਜੋੜਨਗੇ। ਉਨ੍ਹਾਂ ਸਮੂਹ ਸਾਧ ਸੰਗਤ ਨੂੰ ਬੇਨਤੀ ਕੀਤੀ ਕਿ ਇਨ੍ਹਾਂ ਪਾਵਨ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਵੱਧ-ਚੜ੍ਹ ਕੇ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

## ਚੂੰਘ ਸਕੂਲ ਦੀਆਂ ਖਿਡਾਰਨਾਂ ਨੇ 'ਖੇਡਾਂ ਵਤਨ ਪੰਜਾਬ ਦੀਆਂ 'ਚ ਮਾਰੀਆਂ ਮੱਲਾਂ



ਚੌਂਕ ਮਹਿਤਾ,3 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀ. ਸੈ. ਸਕੂਲ, ਚੂੰਘ ਦੀਆਂ ਵਿਦਿਆਰਥਣਾਂ ਨੇ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਵੱਡੀਆਂ ਮੱਲਾਂ ਮਾਰੀਆਂ ਹਨ। ਸਕੂਲ ਦੀ ਅੰਡਰ 14 ਹੈਂਡਬਾਲ ਦੀ ਲੜਕੀਆਂ ਦੀ ਟੀਮ ਨੇ ਜ਼ਿਲ੍ਹੇ ਵਿੱਚ ਪਹਿਲਾ ਸਥਾਨ ਹਾਸਿਲ ਕਰਕੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ। ਇਨਾ ਖਿਡਾਰਨਾਂ ਵਿੱਚੋਂ ਅਗਮਜੋਤ ਕੌਰ, ਸੁਖਮਨਦੀਪ ਕੌਰ, ਜਸਲੀਨ ਕੌਰ, ਗੁਰਨੂਰ ਕੌਰ ਅਤੇ ਜਸਮੀਤ ਕੌਰ ਨੂੰ ਸਟੇਟ ਚੈਂਪੀਅਨਸ਼ਿਪ ਵਾਸਤੇ ਚੁਣਿਆ ਗਿਆ। ਉੱਥੇ ਹੀ ਸਕੂਲ ਦੀ ਅੰਡਰ 17 ਲੜਕੀਆਂ ਦੀ ਹੈਂਡਬਾਲ ਟੀਮ ਨੇ ਜ਼ਿਲ੍ਹੇ ਵਿੱਚ ਤੀਸਰਾ ਸਥਾਨ ਹਾਸਿਲ ਕੀਤਾ। ਇਸ ਮੌਕੇ ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਵਿਦਿਆਰਥਣਾਂ, ਓਹਨਾ ਦੇ ਮਾਤਾ ਪਿਤਾ ਅਤੇ ਕੋਚ ਜਤਿੰਦਰ ਸਿੰਘ ਖੱਬੇ ਰਾਜਪੂਤਾਂ ਨੂੰ ਵਧਾਈ ਦਿੱਤੀ। ਓਹਨਾ ਨੇ ਕਿਹਾ ਕਿ ਇਹ ਕੋਚ ਜਤਿੰਦਰ ਸਿੰਘ ਖੱਬੇ ਰਾਜਪੂਤਾਂ ਦੁਆਰਾ ਵਿਦਿਆਰਥਣਾਂ ਨੂੰ ਕਰਵਾਈ ਅਣਥੱਕ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਡਾਇਰੈਕਟਰ ਤੇਜਬੀਰ ਸਿੰਘ ਸੋਹਲ, ਜਸਪ੍ਰੀਤ ਕੌਰ ਸੋਹਲ, ਪ੍ਰਿੰਸੀਪਲ ਮੰਤੇਸ ਕੁਮਾਰ ਸਮੇਤ ਹੋਰ ਸਟਾਫ਼ ਮੈਂਬਰ ਹਾਜ਼ਿਰ ਸਨ।

### ਪਰਮੀਤ ਕੌਰ ਗਰੇਵਾਲ ਦੀ ਸਟੇਟ ਪੱਧਰੀ ਖੇਡਾਂ ਲਈ ਹੋਈ ਚੋਣ

## ਸਕੂਲ ਦੇ ਹੋਣਹਾਰ ਵਿਦਿਆਰਥੀ ਅਤੇ ਵਿਦਿਆਰਥਣਾਂ ਤੇ ਸਾਨੂੰ ਪੂਰਾ ਮਾਣ ਹੈ: ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ



ਬਰਨਾਲਾ , 3 ਅਕਤੂਬਰ (ਵਰਿਆਮ ਹਠੂਰ)-ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ (ਬਰਨਾਲਾ) ਦੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੇ ਖੇਡਾਂ ਵਤਨ ਪੰਜਾਬ ਦੀਆਂ ਵਿੱਚੋ ਪੁਜੀਸ਼ਨਾਂ ਹਾਸਲ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ-ਨਾਲ ਸਕੂਲ ਦਾ ਵੀ ਨਾਮ ਰੌਸ਼ਨ ਕੀਤਾ ਹੈ। ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਕੁਲਜੀਤ ਸਿੰਘ ਦੀਵਾਨਾ ਨੇ ਕਿਹਾ ਕਿ ਸਕੂਲ ਦੀ ਹੋਣਹਾਰ ਵਿਦਿਆਰਥਣ ਪਰਮੀਤ ਕੌਰ ਗਰੇਵਾਲ ਨੇ ਜੈਵਲਿਨ ਥ੍ਰੋ ਵਿੱਚੋ ਸਥਾਨ ਹਾਸਿਲ ਕੀਤਾ ਤੇ ਪਰਮੀਤ ਕੌਰ ਗਰੇਵਾਲ ਦੀ ਚੋਣ ਸਟੇਟ ਪੱਧਰ ਖੇਡਾਂ ਲਈ ਹੋਈ ਹੈ। ਤੇ ਪਹਿਲਾਂ ਵੀ ਸਾਡੇ ਸਕੂਲ ਦੇ ਹੋਣਹਾਰ ਖਿਡਾਰੀ ਸ਼ਾਨਦਾਰ ਖੇਡ ਪ੍ਰਦਰਸ਼ਨ ਕਰ ਕੇ ਪੁਜੀਸ਼ਨਾਂ ਹਾਸਿਲ ਕਰ ਚੁੱਕੇ ਹਨ। ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਅਤੇ ਕੁਲਜੀਤ ਸਿੰਘ ਦੀਵਾਨਾ ਨੇ ਕਿਹਾ ਕਿ ਸਾਨੂੰ ਬੱਚਿਆਂ ਤੇ ਬਹੁਤ ਜਿਆਦਾ ਮਾਣ ਹੈ, ਬੱਚੇ ਚੰਗੀ ਵਿੱਦਿਆ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਬਹੁਤ ਵੱਡੀਆਂ ਮੱਲਾਂ ਮਾਰ ਰਹੇ ਹਨ। ਉਹਨਾਂ ਕਿਹਾ ਕਿ ਸਾਡੇ ਸਕੂਲ ਦੇ ਵਿਦਿਆਰਥੀ ਹਰੇਕ ਖੇਡ ਮੁਕਾਬਲੇ ਵਿੱਚ ਚੰਗਾ ਪ੍ਰਦਰਸ਼ਨ ਕਰਦੇ ਆ ਰਹੇ ਹਨ।ਸਕੂਲ ਦੇ ਵਿਦਿਆਰਥੀ ਪਹਿਲਾਂ ਵੀ ਖੇਡਾਂ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕਰ ਕੇ ਨੈਸਨਲ ਪੱਧਰ ਤੇ ਨਾਮ ਬਣਾ ਚੁੱਕੇ ਹਨ। ਮੈਡਮ ਗੁਰਪ੍ਰੀਤ ਕੌਰ ਅਤੇ ਮੈਡਮ ਆਸ਼ੂ ਵਰਮਾ ਨੇ ਕਿਹਾ ਕਿ ਸਾਡੇ ਸਕੂਲ ਦਾ ਮਿਹਨਤੀ ਸਟਾਫ ਬੱਚਿਆਂ ਨੂੰ ਜਿੱਥੇ ਚੰਗੀ ਵਿੱਦਿਆ ਹਾਸਿਲ ਕਰਵਾ ਰਿਹਾ ਹੈ। ਉੱਥੇ ਬੱਚਿਆਂ ਨੂੰ ਉਨ੍ਹਾਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਖੇਡਾਂ ਨਾਲ ਵੀ ਜੋੜਦਾ ਹੈ। ਤੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਲਗਾਤਾਰ ਮਿਹਨਤ ਕਰਦਾ ਆ ਰਿਹਾ ਹੈ। ਸਕੂਲ ਵਿੱਚ ਹਰ ਤਰ੍ਹਾਂ ਦੀ ਐਕਟੀਵਿਟੀਆਂ ਕਰਵਾਈਆਂ ਜਾਂਦੀਆਂ ਹਨ। ਤੇ ਸਮੇਂ ਸਮੇਂ ਤੇ ਸਕੂਲ ਵੱਲੋਂ ਧਾਰਮਿਕ, ਵਿੱਦਿਅਕ, ਅਤੇ ਮਨੋਰੰਜਨ ਟੂਰ ਵੀ ਲਗਾਏ ਜਾਂਦੇ ਹਨ। ਅੰਤ ਵਿੱਚ ਸਕੂਲ ਸਟਾਫ਼ ਵਿੱਚ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ, ਕੁਲਜੀਤ ਸਿੰਘ ਦੀਵਾਨਾ, ਮੈਡਮ ਗੁਰਪ੍ਰੀਤ ਕੌਰ, ਮੈਡਮ ਆਸ਼ੂ ਵਰਮਾ ,ਰਮਨਜੀਤ ਕੌਰ, ਪ੍ਰਦੀਪ ਕੌਰ, ਅਮਨਦੀਪ ਕੌਰ, ਹਰਪ੍ਰੀਤ ਕੌਰ, ਲਵਪ੍ਰੀਤ ਕੌਰ, ਸੁਖਪ੍ਰੀਤ ਕੌਰ, ਅਮਨਦੀਪ ਕੌਰ, ਕਮਲਜੀਤ ਕੌਰ, ਮਨਦੀਪ ਕੌਰ, ਰਜਨੀਸ਼ ਕੌਰ, ਸੁਖਮੀਤ ਕੌਰ ,ਲਛਮਨੀ , ਰਮਨਦੀਪ ਕੌਰ ਆਦਿ ਨੇ ਹੋਣਹਾਰ ਵਿਦਿਆਰਥਣ ਪਰਮੀਤ ਕੌਰ ਗਰੇਵਾਲ ਨੂੰ ਮੁਬਾਰਕਾਂ ਦਿੱਤੀਆਂ ਤੇ ਅੱਗੇ ਵਧਣ ਲਈ ਹੌਸਲਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਕਣਕ ਦੀ ਐਮ.ਐਸ.ਪੀ. ਵਿੱਚ 25 ਪੈਸੇ ਪ੍ਰਤੀ ਕਿਲੋ ਦਾ ਵਾਧਾ ਇੱਕ ਕੋਝਾ ਮਜ਼ਾਕ: ਰਣਵੀਰ ਸ਼ੇਖਪੁਰਾ



ਤਲਵੰਡੀ ਸਾਬੋ, 3 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਕੇਂਦਰ ਸਰਕਾਰ ਵੱਲੋਂ ਕਣਕ ਦੀ ਘੱਟੋ-ਘੱਟ ਸਮਰਥਨ ਕੀਮਤ (ਐਮ.ਐਸ.ਪੀ) ਵਿੱਚ ਸਿਰਫ਼ 25 ਪੈਸੇ ਪ੍ਰਤੀ ਕਿਲੋ, ਭਾਵ 25 ਰੁਪਏ ਪ੍ਰਤੀ ਕੁਇੰਟਲ ਦਾ ਕੀਤਾ ਗਿਆ ਨਿਗੂਣਾ ਵਾਧਾ ਕਿਸਾਨਾਂ ਨਾਲ ਨਿਰਾ ਕੋਝਾ ਮਜ਼ਾਕ ਹੈ। ਇਹ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਕਾਂਗਰਸ ਕਮੇਟੀ ਦਿਹਾਤੀ ਬਠਿੰਡਾ ਦੇ ਵਾਈਸ ਪ੍ਰਧਾਨ ਸ੍ਰ.ਰਣਵੀਰ ਸਿੰਘ ਸ਼ੇਖਪੁਰਾ ਨੇ ਕੇਂਦਰ ਸਰਕਾਰ ਵੱਲੋਂ ਕੀਤੇ ਇਸ ਵਾਧੇ ਨੂੰ ਨਾਕਾਫ਼ੀ ਕਰਾਰ ਦਿੰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਿਸਾਨੀ ਨੂੰ ਉੱਪਰ ਚੁੱਕਣ ਲਈ ਕੋਈ ਠੋਸ ਉਪਰਾਲਾ ਨਹੀਂ ਕੀਤਾ ਗਿਆ ਅਤੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਦਾ ਵਾਜਬ ਮੁੱਲ ਵੀ ਨਹੀਂ ਮਿਲ ਰਿਹਾ। ਇਸ ਕਾਰਨ ਕਿਸਾਨਾਂ ਦੀ ਖੇਤੀਬਾੜੀ ਲਗਾਤਾਰ ਘਾਟੇ ਦਾ ਸੌਦਾ ਬਣਦੀ ਜਾ ਰਹੀ ਹੈ। ਸ੍ਰ. ਸ਼ੇਖਪੁਰਾ ਨੇ ਕਿਹਾ ਕਿ ਕਣਕ ਦੀ ਐਮ.ਐਸ.ਪੀ ਵਿੱਚ ਕੀਤੇ 25 ਪੈਸੇ ਪ੍ਰਤੀ ਕਿਲੋ ਦੇ ਵਾਧੇ ਨਾਲ ਇੱਕ ਏਕੜ ਵਿੱਚੋਂ ਔਸਤਨ ਪੈਦਾ ਹੋਣ ਵਾਲੀ ਕਣਕ 'ਤੇ ਕਿਸਾਨ ਨੂੰ ਮਹਿਜ਼ ਲਗਭਗ 500 ਰੁਪਏ ਦਾ ਵਾਧੂ ਮੁੱਲ ਮਿਲੇਗਾ। ਉਨ੍ਹਾਂ ਕਿਹਾ ਕਿ ਅੱਜ ਦੇ ਮਹਿੰਗਾਈ ਦੇ ਦੌਰ ਵਿੱਚ ਇਹ ਰਕਮ ਕਿਸਾਨਾਂ ਨਾਲ ਇੱਕ ਕੋਝਾ ਮਜ਼ਾਕ ਹੈ, ਜਦੋਂਕਿ ਖੇਤੀਬਾੜੀ ਲਈ ਲੋੜੀਂਦੇ ਸਾਮਾਨ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਖਾਦਾਂ ਦੇ ਭਾਅ ਵਿੱਚ ਵੀ ਕਾਫ਼ੀ ਵਾਧਾ ਕੀਤਾ ਗਿਆ ਹੈ। ਐਨ.ਪੀ.ਕੇ. 12:32:16 ਖਾਦ ਦੀ 50 ਕਿਲੋ ਦੀ ਬੋਰੀ ਪਿਛਲੇ ਸਾਲ ਨਾਲੋਂ ਕਰੀਬ 500 ਰੁਪਏ ਮਹਿੰਗੀ ਹੋ ਗਈ ਹੈ, ਜਦਕਿ ਐਨ.ਪੀ.ਕੇ. 20:20:20 ਖਾਦ ਦੇ ਭਾਅ ਵਿੱਚ ਕਰੀਬ 700 ਰੁਪਏ ਅਤੇ ਪੋਟਾਸ਼ ਖਾਦ ਵਿੱਚ ਕਰੀਬ 400 ਰੁਪਏ ਦਾ ਵਾਧਾ ਹੋਇਆ ਹੈ। ਇਸੇ ਤਰ੍ਹਾਂ ਬੀਜਾਂ, ਡੀਜ਼ਲ, ਕੀੜੇਮਾਰ ਦਵਾਈਆਂ ਅਤੇ ਉੱਲੀਨਾਸ਼ਕ ਦਵਾਈਆਂ ਦੀਆਂ ਕੀਮਤਾਂ ਵਿੱਚ ਵੀ ਕਈ ਗੁਣਾ ਵਾਧਾ ਹੋ ਚੁੱਕਾ ਹੈ। ਸ੍ਰ. ਸ਼ੇਖਪੁਰਾ ਨੇ ਕਿਹਾ ਕਿ ਕਿਸਾਨਾਂ ਦੀ ਆਮਦਨ ਵਧਾਉਣ ਦੀ ਬਜਾਏ ਖੇਤੀਬਾੜੀ ਦੀ ਲਾਗਤ ਲਗਾਤਾਰ ਵਧ ਰਹੀ ਹੈ। ਦੂਜੇ ਪਾਸੇ ਮੰਡੀਆਂ ਵਿੱਚ ਕਿਸਾਨਾਂ ਨੂੰ ਆਪਣੀ ਫ਼ਸਲ ਦਾ ਪੂਰਾ ਮੁੱਲ ਨਹੀਂ ਮਿਲ ਰਿਹਾ। ਉਨ੍ਹਾਂ ਕਿਹਾ ਕਿ ਕਦੇ 'ਚਿੱਟਾ ਸੋਨਾ' ਵਜੋਂ ਜਾਣੀ ਜਾਂਦੀ ਨਰਮੇ ਦੀ ਫ਼ਸਲ ਵੀ ਇਸ ਸਮੇਂ ਕਿਸਾਨਾਂ ਲਈ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਕੇਂਦਰ ਸਰਕਾਰ ਵੱਲੋਂ ਨਰਮੇ ਦਾ ਤੈਅ ਕੀਤਾ ਭਾਅ 8,667 ਰੁਪਏ ਪ੍ਰਤੀ ਕੁਇੰਟਲ ਹੈ, ਜਦਕਿ ਮੰਡੀਆਂ ਵਿੱਚ ਕਈ ਥਾਵਾਂ 'ਤੇ ਨਰਮਾ 8,200 ਤੋਂ 8,400 ਰੁਪਏ ਪ੍ਰਤੀ ਕੁਇੰਟਲ ਦੇ ਕਰੀਬ ਹੀ ਖ਼ਰੀਦਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸਾਨਾਂ ਨੂੰ ਫ਼ਸਲਾਂ ਦਾ ਲਾਹੇਵੰਦ ਭਾਅ ਨਹੀਂ ਮਿਲੇਗਾ ਅਤੇ ਖੇਤੀ ਲਾਗਤਾਂ ਇਸੇ ਤਰ੍ਹਾਂ ਵਧਦੀਆਂ ਰਹੀਆਂ ਤਾਂ ਕਿਸਾਨੀ ਸੰਕਟ ਹੋਰ ਡੂੰਘਾ ਹੋਵੇਗਾ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀਆਂ ਫ਼ਸਲਾਂ ਦੀਆਂ ਕੀਮਤਾਂ ਤੈਅ ਕਰਦੇ ਸਮੇਂ ਖੇਤੀ ਦੀ ਅਸਲ ਲਾਗਤ, ਮਹਿੰਗਾਈ ਅਤੇ ਕਿਸਾਨ ਪਰਿਵਾਰਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਿਆ ਜਾਵੇ। ਸ੍ਰ. ਰਣਵੀਰ ਸਿੰਘ ਸ਼ੇਖਪੁਰਾ ਨੇ ਕਿਹਾ ਕਿ ਸਰਕਾਰ ਨੂੰ ਸਿਰਫ਼ ਐਲਾਨ ਕਰਨ ਦੀ ਬਜਾਏ ਕਿਸਾਨੀ ਨੂੰ ਘਾਟੇ ਵਿੱਚੋਂ ਕੱਢਣ ਲਈ ਠੋਸ ਅਤੇ ਲੰਮੇ ਸਮੇਂ ਦੀਆਂ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਦਾ ਲਾਹੇਵੰਦ ਮੁੱਲ, ਖੇਤੀ ਲਾਗਤਾਂ 'ਤੇ ਕਾਬੂ ਅਤੇ ਫ਼ਸਲਾਂ ਦੀ ਸਰਕਾਰੀ ਖ਼ਰੀਦ ਦੀ ਪੱਕੀ ਗਾਰੰਟੀ ਮਿਲਣੀ ਚਾਹੀਦੀ ਹੈ, ਤਾਂ ਜੋ ਕਿਸਾਨੀ ਨੂੰ ਮੁੜ ਪੈਰਾਂ ਸਿਰ ਕੀਤਾ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

## ਹਾਕੀ ਚੈਂਪੀਅਨਸ਼ਿਪ ਦੇ ਤੀਜੇ ਦਿਨ ਖਾਲਸਾ ਅਕੈਡਮੀ 'ਚ ਖੇਡਿਆ ਗਿਆ ਦਮਦਾਰ ਹਾਕੀ ਮੁਕਾਬਲਾ: ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ



ਚੌਂਕ ਮਹਿਤਾ,3 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਵਿਖੇ ਚੱਲ ਰਹੀ 'ਰਾਸ਼ਟਰੀ ਹਾਕੀ ਚੈਂਪੀਅਨਸ਼ਿਪ' ਦੇ ਤੀਜੇ ਦਿਨ ਖਾਲਸਾ ਅਕੈਡਮੀ ਦੇ ਮੈਦਾਨ ਵਿੱਚ ਕਈ ਦਿਲਚਸਪ ਮੁਕਾਬਲੇ ਕਰਵਾਏ ਗਏ। ਵੱਖ-ਵੱਖ ਰਾਜਾਂ ਤੋਂ ਪਹੁੰਚੀਆਂ ਟੀਮਾਂ ਨੇ ਪੂਰੇ ਜੋਸ਼ ਨਾਲ ਭਾਗ ਲਿਆ। ਇਸ ਦਾ ਵੇਰਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ ਨੇ ਦੱਸਿਆ ਕਿ ਅੰਡਰ-14 ਵਰਗ ਵਿੱਚ ਆਰਮੀ ਪਬਲਿਕ ਸਕੂਲ ਕੈਂਟ ਕਾਨਪੁਰ , ਅਦਿਤਿਆ ਬਿਰਲਾ ਪਬਲਿਕ ਸਕੂਲ ਰਾਏਗੜ੍ਹ,ਸਾਰਥਾ ਇੰਟਰਨੈਸ਼ਨਲ ਸਕੂਲ ਤਾਮਿਲਨਾਡੂ , ਬਾਬਾ ਖਦੇਰਾ ਸਿੰਘ ਵਿੱਦਿਆ ਮੰਦਰ ਮਥੁਰਾ , ਆਰੀਆ ਗਰਲਜ਼ ਸਕੂਲ ਪਾਨੀਪਤ , ਆਰਮੀ ਪਬਲਿਕ ਸਕੂਲ ਦੌਲਾ ਕੌਨ ਦਿੱਲੀ, ਡ੍ਰੀਮ ਵਰਲਡ ਸਕੂਲ ਕਰਨਾਟਕ, ਦੀਆਂ ਟੀਮਾਂ ਨੇ ਹਿੱਸਾ ਲਿਆ। ਮੁੱਖ ਮੁਕਾਬਲਿਆਂ ਵਿੱਚ ਡ੍ਰੀਮ ਵਰਲਡ ਸਕੂਲ ਕਰਨਾਟਕ ਨੇ 6 ਗੋਲ ਅਤੇ ਸਾਰਥਾ ਇੰਟਰਨੈਸ਼ਨਲ ਸਕੂਲ ਤਾਮਿਲਨਾਡੂ ਨੇ 15 ਗੋਲ ਅਤੇ ਆਰਮੀ ਪਬਲਿਕ ਸਕੂਲ ਦੌਲਾ ਕੌਨ ਦਿੱਲੀ ਦੀ ਟੀਮ ਨੇ 0 ਗੋਲ ਕੀਤੇ। ਅੰਡਰ-17 ਵਰਗ ਵਿੱਚ ਓ.ਪੀ. ਜਿੰਦਲ ਸਕੂਲ ਰਾਏਗੜ੍ਹ ,ਲਿਟਲ ਏਜਲ ਸਕੂਲ ਸੋਨੀਪਤ ,ਮਾਡਰਨ ਸਕੂਲ ਵਸੰਤ ਵਿਹਾਰ, ਆਈ ਏ ਟੀ ਵੀ ਐਜੂਕੇਸ਼ਨਲ ਅਕੈਡਮੀ ਇੰਦੌਰ, ਕੋਡਾਗਾ ਵਿਦਿਆਲਿਆ ਸਕੂਲ ਕਰਨਾਟਕ, ਸੱਚਦਾਨੰਦ ਜੋਥੀ ਨਿਕੇਤਨ ਇੰਟਰਨੈਸ਼ਨਲ ਸਕੂਲ ਤਮਿਲਨਾਡੂ, ਸ੍ਰੀ ਠਾਕੁਰ ਦਵਾਰਾ ਬਾਲਿਕਾ ਵਿੱਦਿਆ ਮੰਦਰ ਗਾਜ਼ੀਆਬਾਦ, ਦਿੱਲੀ ਪਬਲਿਕ ਸਕੂਲ ਪਟਨਾ, ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਦੇ ਖਿਡਾਰੀਆਂ ਵਿਚਕਾਰ ਮੁਕਾਬਲੇ ਹੋਏ। ਆਈ ਏ ਟੀ ਵੀ ਐਜੂਕੇਸ਼ਨਲ ਅਕੈਡਮੀ ਇੰਦੌਰ ਨੇ 1 ਗੋਲ ਅਤੇ ਓ. ਪੀ. ਜਿੰਦਲ ਸਕੂਲ ਰਾਏਗੜ੍ਹ ਨੇ 0 ਗੋਲ ਕੀਤੇ। ਜਦਕਿ , ਸੱਚਦਾਨੰਦ ਜੋਥੀ ਨਿਕੇਤਨ ਇੰਟਰਨੈਸ਼ਨਲ ਸਕੂਲ ਤਮਿਲਨਾਡੂ ਦੀ ਟੀਮ ਨੇ 9 ਗੋਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਡਰ-19 ਵਰਗ ਵਿੱਚ ਕ੍ਰਿਸ਼ਨਾ ਪਬਲਿਕ ਸਕੂਲ ਛੱਤੀਸਗੜ੍ਹ , ਆਰਮੀ ਪਬਲਿਕ ਸਕੂਲ ਕਾਨਪੁਰ, ਡ੍ਰੀਮ ਵਰਲਡ ਪਬਲਿਕ ਸਕੂਲ ਕਰਨਾਟਕ, ਸ੍ਰੀ ਰਾਮ ਵਿੱਦਿਆ ਮੰਦਰ ਸਕੂਲ ਹਰਿਦੁਆਰ ਨੇ ਹਿੱਸਾ ਲਿਆ। ਮੁਕਾਬਲੇ ਦੌਰਾਨ , ਸ੍ਰੀ ਰਾਮ ਵਿੱਦਿਆ ਮੰਦਰ ਸਕੂਲ ਹਰਿਦੁਆਰ ਨੇ 8 ਗੋਲ ਅਤੇ ਡ੍ਰੀਮ ਵਰਲਡ ਪਬਲਿਕ ਸਕੂਲ ਕਰਨਾਟਕ ਨੇ 0 ਗੋਲ ਕੀਤੇ। ਚੈਂਪੀਅਨਸ਼ਿਪ ਦੇ ਤੀਜੇ ਦਿਨ ਖਿਡਾਰਨਾਂ ਨੇ ਸ਼ਾਨਦਾਰ ਖੇਡ, ਅਨੁਸ਼ਾਸਨ ਅਤੇ ਜਿੱਤ ਦਾ ਜਜ਼ਬਾ ਦਿਖਾਇਆ ਹੈ। ਅਗਲੇ ਮੁਕਾਬਲਿਆਂ ਨੂੰ ਲੈ ਕੇ ਵੀ ਖਿਡਾਰਨਾਂ ਅਤੇ ਦਰਸ਼ਕਾਂ ਵਿੱਚ ਉਤਸ਼ਾਹ ਬਣਿਆ ਹੋਇਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਇੱਕ ਨਜ਼ਰ...



# ਸਵਰਗਵਾਸੀ ਕਾਕਾ ਸਿੰਘ ਸਿੱਧੂ ਦੀ ਯਾਦ 'ਚ ਬੱਚਿਆਂ ਨੂੰ ਟਰੈਕ ਸੂਟ ਵੰਡੇ

ਤਲਵੰਡੀ ਸਾਬੋ, 3 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਪਿੰਡ ਜਗਾ ਰਾਮ ਤੀਰਥ ਵਿਖੇ ਕਰਵਾਏ ਜਾ ਰਹੇ 25ਵੇਂ ਕ੍ਰਿਕਟ ਟੂਰਨਾਮੈਂਟ ਦੌਰਾਨ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਜਗਾ ਰਾਮ ਤੀਰਥ ਦੇ ਸਟੇਟ ਪੱਧਰ 'ਤੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਵਰਗਵਾਸੀ ਸ. ਕਾਕਾ ਸਿੰਘ ਸਿੱਧੂ ਦੀ ਯਾਦ ਵਿੱਚ ਟਰੈਕ ਸੂਟ ਵੰਡੇ ਗਏ। ਇਹ ਟਰੈਕ ਸੂਟ ਸਵਰਗਵਾਸੀ ਸ. ਕਾਕਾ ਸਿੰਘ ਸਿੱਧੂ ਦੇ ਸਪੁੱਤਰ ਸ. ਅਮਰ ਸਿੰਘ ਸਿੱਧੂ ਅਤੇ ਪਰਿਵਾਰਕ ਮੈਂਬਰ ਬੀਰਾ ਸਿੰਘ ਸਿੱਧੂ ਤੇ ਜੋਧਾ ਸਿੰਘ ਸਿੱਧੂ ਬਾਬੇ ਨੰਦੇ ਕੇ ਵੱਲੋਂ ਬੱਚਿਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਦਿੱਤੇ ਗਏ। ਇਸ ਮੌਕੇ ਚੜ੍ਹਦੀ ਕਲਾ ਵੈਲਫੇਅਰ ਕਲੱਬ ਜਗਾ ਰਾਮ ਤੀਰਥ ਦੇ ਪ੍ਰਧਾਨ ਸ. ਜੱਗਾ ਸਿੰਘ ਸਿੱਧੂ, ਮਾਸਟਰ ਬਲਦੇਵ ਸਿੰਘ ਡੀ.ਪੀ.ਈ., ਬੋਬੀ ਸਿੰਘ ਅਤੇ ਕ੍ਰਿਕਟ ਟੂਰਨਾਮੈਂਟ ਕਮੇਟੀ ਦੇ ਮੈਂਬਰਾਂ ਵੱਲੋਂ ਵੀ ਸਹਿਯੋਗ ਦਿੱਤਾ ਗਿਆ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਬੱਚਿਆਂ ਨੂੰ ਖੇਡਾਂ ਨਾਲ ਜੋੜਨਾ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਨੂੰ ਉਤਸ਼ਾਹਿਤ ਕਰਨਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਬੱਚਿਆਂ ਵਿੱਚ ਖੇਡਾਂ ਪ੍ਰਤੀ ਰੁਚੀ ਪੈਦਾ ਹੁੰਦੀ ਹੈ ਅਤੇ ਉਹ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਸੂਬਾ ਅਤੇ ਦੇਸ਼ ਪੱਧਰ 'ਤੇ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਹੁੰਦੇ ਹਨ। ਸਕੂਲ ਆਫ਼ ਹੈਪੀਨੈੱਸ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਜਗਾ ਰਾਮ ਤੀਰਥ ਦੇ ਬੱਚਿਆਂ ਵੱਲੋਂ ਸਟੇਟ ਪੱਧਰ 'ਤੇ ਪੁਜ਼ੀਸ਼ਨਾਂ ਹਾਸਲ ਕਰਨਾ ਸਕੂਲ ਅਤੇ ਪਿੰਡ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਸਕੂਲ ਦੇ ਮੁਖੀ ਅਧਿਆਪਕ ਸ. ਪਰਮਜੀਤ ਸਿੰਘ, ਮਾਸਟਰ ਭੋਲਾ ਰਾਮ ਅਤੇ ਸਮੂਹ ਸਟਾਫ਼ ਵੱਲੋਂ ਸਿੱਧੂ ਪਰਿਵਾਰ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਵਰਗਵਾਸੀ ਸ. ਕਾਕਾ ਸਿੰਘ ਸਿੱਧੂ ਦੀ ਯਾਦ ਵਿੱਚ ਕੀਤਾ ਗਿਆ ਇਹ ਉਪਰਾਲਾ ਬੱਚਿਆਂ ਲਈ ਪ੍ਰੇਰਨਾਦਾਇਕ ਹੈ ਅਤੇ ਇਸ ਨਾਲ ਸਮਾਜ ਵਿੱਚ ਖੇਡਾਂ ਤੇ ਸਿੱਖਿਆ ਨੂੰ ਉਤਸ਼ਾਹਿਤ ਕਰਨ ਦਾ ਸੁਨੇਹਾ ਜਾਂਦਾ ਹੈ।ਸਕੂਲ ਸਟਾਫ਼ ਅਤੇ ਟੂਰਨਾਮੈਂਟ ਕਮੇਟੀ ਵੱਲੋਂ ਸਿੱਧੂ ਪਰਿਵਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਅਜਿਹੇ ਲੋਕ-ਹਿਤੈਸ਼ੀ ਕਾਰਜ ਜਾਰੀ ਰੱਖਣ ਦੀ ਆਸ ਪ੍ਰਗਟ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਫੀਲਡ ਪੱਤਰਕਾਰ ਐਸੋਸੀਏਸ਼ਨ, ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੀ ਅਹਿਮ ਮੀਟਿੰਗ

## ਐਡਵੋਕਟ ਅਜੇਵੀਰ ਸਿੰਘ ਅਜ਼ਾਦ ਦਾ ਸਨਮਾਨ



ਚੌਕ ਮਹਿਤਾ, 3 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਅੱਜ ਇਥੇ ਫੀਲਡ ਪੱਤਰਕਾਰ ਐਸੋਸੀਏਸ਼ਨ, ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੀ ਅਹਿਮ ਮੀਟਿੰਗ ਸੂਬਾ ਪ੍ਰਧਾਨ ਹਰਜੀਪ੍ਰੀਤ ਸਿੰਘ ਕੰਗ ਦੀ ਦੇਖ ਰੇਖ ਵਿੱਚ, ਸਬ ਡਵੀਜਨ ਦੇ ਪ੍ਰਧਾਨ ਸ: ਸ਼ੇਲਿੰਦਰਜੀਤ ਸਿੰਘ ਰਾਜਨ ਦੀ ਪ੍ਰਧਾਨਗੀ ਹੇਠ ਹੋਈ, ਇਸ ਮੌਕੇ ਫੀਲਡ ਪੱਤਰਕਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਸਬ ਡਵੀਜਨ ਦੇ ਕਾਨੂੰਨੀ ਸਲਾਹਕਾਰ ਐਡਵੋਕੇਟ ਸ: ਲੱਖਾ ਸਿੰਘ ਅਜ਼ਾਦ ਦੇ ਸਪੁੱਤਰ ਅਜੇਵੀਰ ਸਿੰਘ ਅਜ਼ਾਦ ਨੂੰ ਐਡਵੋਕੇਟ ਬਣਨ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਫੀਲਡ ਪੱਤਰਕਾਰ ਐਸੋਸੀਏਸ਼ਨ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੀਆਂ ਪ੍ਰਾਪਤੀਆਂ ਦਾ ਲੇਖਾ ਜੋਖਾ ਕੀਤਾ ਗਿਆ ਅਤੇ ਸਾਲ 2026-27 ਲਈ ਨਵੇਂ ਪ੍ਰੋਗਰਾਮ ਉਲੀਕਣ ਲਈ ਵਿਚਾਰਾਂ ਹੋਈਆਂ । ਬਾਬਾ ਬਕਾਲਾ ਸਾਹਿਬ ਤਹਿਸੀਲ ਪੱਧਰ 'ਤੇ ਪ੍ਰੈਸ ਕਲੱਬ ਬਣਾਉਣ ਅਤੇ ਤਹਿਸੀਲ ਪੱਧਰ ਦਾ "ਮੌਜੂਦਾ ਪੱਤਰਕਾਰਤਾ ਦੇ ਵਿਸ਼ੇ ਤੇ ਸੈਮੀਨਾਰ" ਕਰਵਾਉਣ ਸੰਬੰਧੀ ਵਿਚਾਰਾਂ ਹੋਈਆਂ ।ਮਤਾ ਪਾਸ ਕੀਤਾ ਗਿਆ ਕਿ ਨਵੇਂ ਵਰ੍ਹੇ 2027-28 ਲਈ ਸਮੂਹ ਮੈਂਬਰਾਂ/ਅਹੁਦੇਦਾਰਾਂ ਨੂੰ ਨਵੇਂ ਸ਼ਨਾਖਤੀ ਕਾਰਡ ਜਾਰੀ ਕੀਤੇ ਜਾਣਗੇ, ਨਵੇਂ ਸਾਲ-2027 ਦੇ ਕੈਲੰਡਰ ਅਤੇ ਡਾਇਰੀਆਂ ਵੀ ਜਾਰੀ ਕੀਤੀਆਂ ਜਾਣਗੀਆਂ ।ਫੀਲਡ ਵਿੱਚ ਕੰਮ ਕਰਨ ਵਾਲੇ ਪੱਤਰਕਾਰਾਂ ਨੇ ਦਰਪੇਸ਼ ਮੁਸ਼ਕਲਾਂ ਤੇ ਵਿਚਾਰਾਂ ਕੀਤੀਆਂ ਗਈਆਂ । ਇਸ ਮੌਕੇ ਇਸ ਮੌਕੇ ਸਰਵਸ੍ਰੀ ਧਰਮਿੰਦਰ ਸਿੰਘ ਭੰਮਰਾ, ਜਗੀਰ ਸਿੰਘ ਸਫਰੀ, ਨਰਿੰਦਰ ਸਿੰਘ ਬਿਆਸ, ਕੈਪਟਨ ਸਿੰਘ ਮਹਿਤਾ, ਗੁਰਪ੍ਰੀਤ ਸਿੰਘ ਬਾਬਾ ਬਕਾਲਾ, ਅਤਰ ਸਿੰਘ ਤਰਸਿੱਕਾ, ਗੌਰਵ ਜੋਸ਼ੀ, ਸੁਸ਼ੀਲ ਅਰੋੜਾ, ਸੁਰਿੰਦਰਪਾਲ ਸਿੰਘ ਲੱਡੂ, ਲੱਖਾ ਸਿੰਘ ਅਜ਼ਾਦ, ਬਲਵਿੰਦਰ ਸਿੰਘ ਅਠੌਲ੍ਹਾ, ਪਰਮਜੀਤ ਸਿੰਘ ਰੱਖੜਾ, ਸੁਖਵਿੰਦਰ ਸਿੰਘ ਚਾਹਲ, ਰਣਜੀਤ ਸਿੰਘ ਸੰਧੂ, ਬਾਬਾ ਸੁਖਵੰਤ ਸਿੰਘ ਚੰਨਣਕੇ, ਗੁਰਮੁੱਖ ਸਿੰਘ ਪੱਡਾ, ਨਿਰਮਲ ਸਿੰਘ ਸੰਘਾ, ਸੁਰਜੀਤ ਸਿੰਘ ਬੁਤਾਲਾ, ਡਾ: ਸਰਬਜੀਤ ਸਿੰਘ ਬਿੱਲਾ, ਅਮਰਜੀਤ ਸਿੰਘ ਬੁੱਟਰ, ਸਕੱਤਰ ਸਿੰਘ ਪੁਰੇਵਾਲ, ਜਸਪਾਲ ਸਿੰਘ ਗੱਗੜਭਾਣਾ, ਕਰਮਜੀਤ ਸਿੰਘ ਖਿਲਚੀਆਂ, ਰੋਹਿਤ ਸ਼ਰਮਾ, ਵਿਸ਼ਵਜੀਤ ਸਿੰਘ ਖਿਲਚੀਆਂ, ਬਲਜਿੰਦਰ ਸਿੰਘ ਚਾਹਲ, ਸਤਨਾਮ ਸਿੰਘ ਨੌਰੰਗਪੁਰੀ, ਵਰਿੰਦਰ ਕੁਮਾਰ ਬਾਊ, ਰਾਜਦੀਪ ਸਿੰਘ, ਹਰਪ੍ਰੀਤ ਸਿੰਘ ਬੁਤਾਲਾ ਅਤੇ ਹੋਰ ਪੱਤਰਕਾਰ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਬੁਢਲਾਡਾ ਮੰਡੀ ਵਿੱਚ ਬਾਸਮਤੀ ਦੀ ਬੋਲੀ ਤੇ ਲਿ.ਫਟਿੰਗ ਦਾ ਕੰਮ ਲਗਾਤਾਰ ਜਾਰੀ

ਬੁਢਲਾਡਾ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਬੁਢਲਾਡਾ ਦੀ ਅਨਾਜ ਮੰਡੀ ਵਿੱਚ ਬਾਸਮਤੀ ਝੋਨੇ ਦੀ ਆਮਦ ਅਤੇ ਬੋਲੀ ਦਾ ਕੰਮ ਲਗਾਤਾਰ ਜਾਰੀ ਹੈ। ਅੱਜ ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਮੰਡੀ ਵਿੱਚ ਪਹੁੰਚ ਕੇ ਬਾਸਮਤੀ ਦੀ ਬੋਲੀ ਅਤੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਬਾਸਮਤੀ ਦੀ ਬੋਲੀ ਵੀ ਕਰਵਾਈ ਗਈ। ਪ੍ਰਿੰਸੀਪਲ ਬੁੱਧ ਰਾਮ ਨੇ ਦੱਸਿਆ ਕਿ ਬੁਢਲਾਡਾ ਮੰਡੀ ਵਿੱਚ ਹੁਣ ਤੱਕ ਕਰੀਬ 800 ਟਨ ਬਾਸਮਤੀ ਦੀ ਆਮਦ ਹੋ ਚੁੱਕੀ ਹੈ ਅਤੇ ਕਿਸਾਨਾਂ ਵੱਲੋਂ ਬਾਸਮਤੀ ਲਿਆਉਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਉਨ੍ਹਾਂ ਕਿਹਾ ਕਿ ਮੰਡੀ ਵਿੱਚ ਬਾਸਮਤੀ ਦੀ ਬੋਲੀ ਸ਼ੁਰੂ ਹੋਣ ਦੇ ਨਾਲ ਹੀ ਖਰੀਦੀ ਗਈ ਫਸਲ ਦੀ ਲਿਫ਼ਟਿੰਗ ਵੀ ਕੀਤੀ ਜਾ ਰਹੀ ਹੈ, ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਉਪਰੰਤ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

## ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ ਵਾਲਿਆਂ ਵੱਲੋਂ ਜੰਡਿਆਲਾ ਗੁਰੂ ਵਿਖੇ

# ਨਸ਼ੇੜੀਆਂ ਦਾ ਅੱਡਾ ਬਣ ਚੁੱਕੇ ਖਾਲੀ ਪਲਾਟਾਂ ਦੀ ਸਫਾਈ ਲਈ ਵਿੱਢੀ ਗਈ ਵੱਡੀ ਮੁਹਿੰਮ

## ਆਕਾਸ਼ ਫਿਟਨੈੱਸ ਕਲੱਬ ਦੀ ਟੀਮ ਨੇ ਵੀ ਦਿੱਤਾ ਸਾਥ





ਚੌਕ ਮਹਿਤਾ, 3 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸਮਾਜ ਸੇਵਾ ਦੇ ਖੇਤਰ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੇ ਸੰਤ ਬਾਬਾ ਬਿਬੇਕ ਸਿੰਘ ਜੀ (ਮੁੱਖ ਸੇਵਾਦਾਰ, ਅਕਾਲੀ ਦਲ ਵਾਰਿਸ ਪੰਜਾਬ) ਅਤੇ ਮੁੱਖੀ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ ਜੰਡਿਆਲਾ ਗੁਰੂ ਵਾਲਿਆਂ ਵੱਲੋਂ ਹੁਣ ਸ਼ਹਿਰ ਜੰਡਿਆਲਾ ਗੁਰੂ ਦੀ ਨੁਹਾਰ ਬਦਲਣ ਅਤੇ ਨਸ਼ਿਆਂ ਖਿਲਾਫ ਇੱਕ ਸ਼ਲਾਘਾਯੋਗ ਬੀੜਾ ਚੁੱਕਿਆ ਗਿਆ ਹੈ। ਬਾਬਾ ਜੀ ਵੱਲੋਂ ਸ਼ਹਿਰ ਵਿੱਚ ਲੰਮੇ ਸਮੇਂ ਤੋਂ ਖਾਲੀ ਪਏ ਉਹਨਾਂ ਪਲਾਟਾਂ ਦੀ ਸਫਾਈ ਦਾ ਕੰਮ ਵੱਡੇ ਪੱਧਰ 'ਤੇ ਸ਼ੁਰੂ ਕਰਵਾਇਆ ਗਿਆ ਹੈ, ਜੋ ਮੌਜੂਦਾ ਸਮੇਂ ਵਿੱਚ ਗੰਦਗੀ ਦੇ ਨਾਲ-ਨਾਲ ਨਸ਼ੇੜੀਆਂ ਅਤੇ ਅਪਰਾਧਿਕ ਅਨਸਰਾਂ ਦਾ ਗੜ੍ਹ (ਅੱਡਾ) ਬਣ ਚੁੱਕੇ ਸਨ। ਬਾਬਾ ਜੀ ਦੇ ਇਸ ਨੇਕ ਕਾਰਜ ਵਿੱਚ 'ਆਕਾਸ਼ ਫਿਟਨੈੱਸ ਕਲੱਬ' ਦੀ ਪੂਰੀ ਟੀਮ ਵੱਲੋਂ ਵੀ ਭਰਵਾਂ ਸਹਿਯੋਗ ਦਿੱਤਾ ਜਾ ਰਿਹਾ ਹੈ। ਇੱਥੇ ਇਹ ਦੱਸਣਯੋਗ ਹੈ ਕਿ ਸੰਤ ਬਾਬਾ ਬਿਬੇਕ ਸਿੰਘ ਜੀ ਹਰ ਨਿਰਸਵਾਰਥ ਸਮਾਜਿਕ ਕਾਰਜ ਵਿੱਚ ਸਭ ਤੋਂ ਅੱਗੇ ਹੋ ਕੇ ਹਿੱਸਾ ਲੈਂਦੇ ਹਨ। ਚਾਹੇ ਕਿਸੇ ਗਰੀਬ ਅਤੇ ਬੇਸਹਾਰਾ ਪਰਿਵਾਰ ਦੇ ਘਰ ਦੀ ਛੱਤ ਪਾ ਕੇ ਦੇਣੀ ਹੋਵੇ, ਜਾਂ ਕਿਸੇ ਲੋੜਵੰਦ ਦੇ ਘਰ ਤੱਕ ਰਾਸ਼ਨ ਪਹੁੰਚਾਉਣਾ ਹੋਵੇ, ਬਾਬਾ ਜੀ ਹਮੇਸ਼ਾ ਫਰਿਸ਼ਤਾ ਬਣ ਕੇ ਬਹੁੜਦੇ ਹਨ ।ਇਸ ਤੋਂ ਇਲਾਵਾ, ਜਦੋਂ ਪਿਛਲੇ ਸਮੇਂ ਦੌਰਾਨ ਪੰਜਾਬ ਵਿੱਚ ਹੜ੍ਹ ਵਰਗੀ ਭਿਆਨਕ ਸਥਿਤੀ ਬਣੀ ਸੀ, ਉਦੋਂ ਵੀ ਬਾਬਾ ਜੀ ਅਤੇ ਉਹਨਾਂ ਦੇ ਸਾਥੀਆਂ ਵੱਲੋਂ ਦਿਨ-ਰਾਤ ਇੱਕ ਕਰਕੇ ਪੀੜਤਾਂ ਦੀ ਵੱਧ-ਚੜ੍ਹ ਕੇ ਸੇਵਾ ਕੀਤੀ ਗਈ ਸੀ ਅਤੇ ਰਾਹਤ ਸਮੱਗਰੀ ਪਹੁੰਚਾਈ ਗਈ ਸੀ ।ਜੰਡਿਆਲਾ ਗੁਰੂ ਦੇ ਸ਼ਹਿਰ ਵਾਸਿਆਂ ਵੱਲੋਂ ਬਾਬਾ ਜੀ ਅਤੇ ਆਕਾਸ਼ ਫਿਟਨੈੱਸ ਕਲੱਬ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ, ਕਿਉਂਕਿ ਖਾਲੀ ਪਲਾਟਾਂ ਦੀ ਸਫਾਈ ਹੋਣ ਨਾਲ ਜਿੱਥੇ ਬਿਮਾਰੀਆਂ ਫੈਲਣ ਦਾ ਖਤਰਾ ਘਟੇਗਾ, ਉੱਥੇ ਹੀ ਨਸ਼ੇੜੀਆਂ ਦੇ ਅੱਡੇ ਵੀ ਖਤਮ ਹੋਣਗੇ। ਹੁਣ ਦੇਖਣਾ ਇਹ ਹੋਵੇਗਾ ਕਿ ਸਥਾਨਕ ਨਗਰ ਕੌਂਸਲ ਅਤੇ ਜ਼ਿਲ੍ਹਾ ਪ੍ਰਸ਼ਾਸਨ ਇਸ ਵਧੀਆ ਉਪਰਾਲੇ ਲਈ ਬਾਬਾ ਜੀ ਦਾ ਕਿੰਨਾ ਕੁ ਸਾਥ ਦਿੰਦੇ ਹਨ ਅਤੇ ਕੀ ਸਰਕਾਰ ਵੱਲੋਂ ਇਸ ਮੁਹਿੰਮ ਨੂੰ ਅੱਗੇ ਵਧਾਉਣ ਲਈ ਕੋਈ ਮਦਦ ਮਿਲਦੀ ਹੈ ਜਾਂ ਨਹੀਂ। ਇਹ ਤਾਂ ਹੁਣ ਆਉਣ ਵਾਲਾ ਸਮਾਂ ਹੀ ਦੱਸੇਗਾ। ਉਨ੍ਹਾਂ ਨੇ ਮੌਜੂਦਾ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਇਸ ਕਾਰਜ਼ ਵਿਚ ਵੱਧ ਤੋਂ ਵੱਧ ਸਾਥ ਦਿੱਤਾ ਜਾਵੇ। ਜੰਡਿਆਲਾ ਗੁਰੂ ਦੀਆਂ ਜਿੰਨੀਆਂ ਵੀ ਧਾਰਮਿਕ, ਸਮਾਜ ਭਲਾਈ ਸੰਸਥਾਵਾਂ ਹਨ ਉਹ ਵੀ ਵੱਧ ਤੋਂ ਵੱਧ ਸਾਥ ਦੇਣ।



ਆਵਾਜ਼ਿ ਕੌਮ AWAZE QAUM International Newspaper & WEB TV

# ਨਹਿਰੀ ਮੋਘਿਆਂ ਅਤੇ ਸਿੰਚਾਈ ਸਹੂਲਤਾਂ ਨਾਲ ਸਬੰਧਤ ਮਸਲਿਆਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣ ਦੀ ਹਦਾਇਤ

## ਲਹਿਰਾਗਾਗਾ ਸਥਿਤ ਦਫ਼ਤਰ ਵਿਖੇ ਸਿੰਚਾਈ, ਕੈਨਾਲ ਅਤੇ ਬੀ.ਐੱਮ.ਐੱਲ. ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ



ਲਹਿਰਾਗਾਗਾ, 3 ਅਕਤੂਬਰ (ਰਣਜੀਤ ਸਿੰਘ ਪੇਧਨੀ)- ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਆਪਣੇ ਲਹਿਰਾਗਾਗਾ ਸਥਿਤ ਦਫ਼ਤਰ ਵਿਖੇ ਸਿੰਚਾਈ, ਕੈਨਾਲ ਅਤੇ ਬੀ.ਐੱਮ.ਐੱਲ. ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਹਲਕੇ ਵਿੱਚ ਨਹਿਰੀ ਮੋਘਿਆਂ ਸਮੇਤ ਵੱਖ-ਵੱਖ ਸਿੰਚਾਈ ਸਹੂਲਤਾਂ ਅਤੇ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਕਾਇਆ ਪ੍ਰੋਜੈਕਟਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇ, ਤਾਂ ਜੋ ਕਿਸਾਨਾਂ ਨੂੰ ਇਨ੍ਹਾਂ ਦਾ ਲਾਭ ਸਮੇਂ ਸਿਰ ਮਿਲ ਸਕੇ। ਮੀਟਿੰਗ ਦੌਰਾਨ ਸ੍ਰੀ ਗੋਇਲ ਨੇ ਚੱਲ ਰਹੇ ਅਤੇ ਬਕਾਇਆ ਸਿੰਚਾਈ ਪ੍ਰੋਜੈਕਟਾਂ ਦੀ ਮੌਜੂਦਾ ਸਥਿਤੀ ਬਾਰੇ ਅਧਿਕਾਰੀਆਂ ਤੋਂ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨਹਿਰੀ ਮੋਘਿਆਂ ਨਾਲ ਸਬੰਧਤ ਮਸਲਿਆਂ ਅਤੇ ਸਿੰਚਾਈ ਪ੍ਰਬੰਧਾਂ ਵਿੱਚ ਲੋੜੀਂਦੇ ਸੁਧਾਰਾਂ ਬਾਰੇ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਕਿਸਾਨਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਕੰਮਾਂ ਨੂੰ ਤਰਜੀਹ ਦਿੱਤੀ ਜਾਵੇ। ਕੈਬਨਿਟ ਮੰਤਰੀ ਨੇ ਕਿਹਾ ਕਿ ਖੇਤੀਬਾੜੀ ਲਈ ਸੁਚੱਜੀਆਂ ਸਿੰਚਾਈ ਸਹੂਲਤਾਂ ਬੇਹੱਦ ਮਹੱਤਵਪੂਰਨ ਹਨ ਅਤੇ ਨਹਿਰੀ ਪਾਣੀ ਦੀ ਸੁਚਾਰੂ ਸਪਲਾਈ ਕਿਸਾਨਾਂ ਲਈ ਵੱਡੀ ਸਹੂਲਤ ਹੈ। ਉਨ੍ਹਾਂ ਕਿਹਾ ਕਿ ਸਿੰਚਾਈ ਨਾਲ ਸਬੰਧਤ ਪ੍ਰੋਜੈਕਟਾਂ ਨੂੰ ਸਮੇਂ ਸਿਰ ਪੂਰਾ ਕਰਨ ਨਾਲ ਖੇਤੀਬਾੜੀ ਦੇ ਕੰਮਾਂ ਵਿੱਚ ਆਉਂਦੀਆਂ ਮੁਸ਼ਕਲਾਂ ਘਟਾਉਣ ਅਤੇ ਮੌਜੂਦਾ ਸਹੂਲਤਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਮਦਦ ਮਿਲੇਗੀ। ਸ੍ਰੀ ਗੋਇਲ ਨੇ ਅਧਿਕਾਰੀਆਂ ਨੂੰ ਕਿਹਾ ਕਿ ਬਕਾਇਆ ਕੰਮਾਂ ਨੂੰ ਨੇਪਰੇ ਚਾੜ੍ਹਨ ਲਈ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ।ਜੇਕਰ ਕਿਸੇ ਪ੍ਰੋਜੈਕਟ ਨੂੰ ਪੂਰਾ ਕਰਨ ਵਿੱਚ ਵਿਭਾਗੀ ਪੱਧਰ 'ਤੇ ਕੋਈ ਅੜਚਣ ਆ ਰਹੀ ਹੈ ਤਾਂ ਉਸ ਨੂੰ ਦੂਰ ਕਰਨ ਲਈ ਲੋੜੀਂਦੀ ਕਾਰਵਾਈ ਪਹਿਲ ਦੇ ਆਧਾਰ 'ਤੇ ਕੀਤੀ ਜਾਵੇ ।ਉਨ੍ਹਾਂ ਕੰਮਾਂ ਦੀ ਨਿਯਮਤ ਨਿਗਰਾਨੀ ਕਰਨ ਅਤੇ ਉਨ੍ਹਾਂ ਦੀ ਪ੍ਰਗਤੀ ਦੀ ਸਮੀਖਿਆ ਕਰਦੇ ਰਹਿਣ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨਹਿਰੀ ਮੋਘਿਆਂ ਅਤੇ ਹੋਰ ਸਿੰਚਾਈ ਸਹੂਲਤਾਂ ਨਾਲ ਸਬੰਧਤ ਕਿਸਾਨਾਂ ਦੇ ਮਸਲਿਆਂ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਉਨ੍ਹਾਂ ਦੇ ਹੱਲ ਲਈ ਸਮੇਂ ਸਿਰ ਕਾਰਵਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਜ਼ਮੀਨੀ ਪੱਧਰ ਦੀਆਂ ਲੋੜਾਂ ਅਨੁਸਾਰ ਕੰਮ ਕਰਨ ਲਈ ਕਿਹਾ, ਤਾਂ ਜੋ ਪ੍ਰੋਜੈਕਟਾਂ ਦਾ ਲਾਭ ਕਿਸਾਨਾਂ ਤੱਕ ਪਹੁੰਚ ਸਕੇ। ਕੈਬਨਿਟ ਮੰਤਰੀ ਨੇ ਦੁਹਰਾਇਆ ਕਿ ਹਲਕੇ ਵਿੱਚ ਸਿੰਚਾਈ ਸਹੂਲਤਾਂ ਨੂੰ ਮਜ਼ਬੂਤ ਕਰਨਾ ਅਤੇ ਬਕਾਇਆ ਪ੍ਰੋਜੈਕਟਾਂ ਨੂੰ ਮੁਕੰਮਲ ਕਰਵਾਉਣਾ ਉਨ੍ਹਾਂ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕੰਮਾਂ ਦੀ ਪ੍ਰਗਤੀ ਦਾ ਲਗਾਤਾਰ ਜਾਇਜ਼ਾ ਲਿਆ ਜਾਵੇਗਾ, ਤਾਂ ਜੋ ਕਿਸਾਨਾਂ ਦੀਆਂ ਸਿੰਚਾਈ ਸਬੰਧੀ ਲੋੜਾਂ ਨੂੰ ਸੁਚੱਜੇ ਢੰਗ ਨਾਲ ਪੂਰਾ ਕੀਤਾ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਇੰਦਿਰਾਪੁਰਮ ਵਿਖੇ ਵਿਸ਼ਾਲ ਕੀਰਤਨ ਸਮਾਗਮ, ਗੁਰਬਾਣੀ ਕੀਰਤਨ ਨਾਲ ਨਿਹਾਲ ਹੋਈ ਸੰਗਤ



ਨਵੀਂ ਦਿੱਲੀ, 3 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): ਇੰਦਿਰਾਪੁਰਮ ਗੁਰਦੁਆਰਾ ਕਮੇਟੀ ਅਤੇ ਸੰਗਤ ਦੇ ਸਹਿਯੋਗ ਨਾਲ ਆਕਸੀਜਨ ਮੈਨ ਗੁਰਪ੍ਰੀਤ ਸਿੰਘ ਰੰਮੀ ਅਤੇ ਉਨ੍ਹਾਂ ਦੀ ਟੀਮ ਵੱਲੋਂ ਵਿਸ਼ਾਲ ਕੀਰਤਨ ਸਮਾਗਮ ਕਰਵਾਇਆ ਗਿਆ।ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਵੱਡੀ ਗਿਣਤੀ ਵਿੱਚ ਸੰਗਤ ਨੇ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦਾ ਸਰਵਣ ਕਰਦਿਆਂ ਗੁਰੂ ਚਰਨਾਂ ਵਿੱਚ ਸ਼ਰਧਾ ਅਰਪਿਤ ਕੀਤੀ। ਸਮਾਗਮ ਵਿੱਚ ਭਾਈ ਗਗਨਦੀਪ ਸਿੰਘ ਜੀ ਅਤੇ ਭਾਈ ਹਰਿੰਦਰ ਸਿੰਘ ਜੀ ਨਿਰਵੈਰ ਖਾਲਸਾ ਜਥਾ ਯੂਕੇ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ, ਜਦਕਿ ਗੁਰਦੁਆਰਾ ਸੀਸ ਗੰਜ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਨੇ ਗੁਰਮਤਿ ਵਿਚਾਰਾਂ ਰਾਹੀਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਸਰਦਾਰ ਹਰਮੀਤ ਸਿੰਘ ਕਾਲਕਾ ਨੇ ਗੁਰਪ੍ਰੀਤ ਸਿੰਘ ਰੰਮੀ ਅਤੇ ਉਨ੍ਹਾਂ ਦੀ ਟੀਮ ਦੇ ਸੇਵਾ ਭਾਵ, ਸਮਰਪਣ ਅਤੇ ਸੁਚੱਜੇ ਪ੍ਰਬੰਧਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਗਮ ਦਾ ਸਥਾਨ ਆਖਰੀ ਸਮੇਂ ਬਦਲਣ ਦੇ ਬਾਵਜੂਦ ਟੀਮ ਨੇ ਮਹਿਜ਼ ਇੱਕ ਦਿਨ ਵਿੱਚ ਸਾਰੇ ਪ੍ਰਬੰਧ ਮੁਕੰਮਲ ਕਰ ਲਏ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਸੰਗਤ ਲਈ ਬੈਠਣ, ਲੰਗਰ ਅਤੇ ਹੋਰ ਸਹੂਲਤਾਂ ਦੇ ਪੁਖਤਾ ਪ੍ਰਬੰਧ ਕਰਨਾ ਨੌਜਵਾਨ ਸੇਵਾਦਾਰਾਂ ਦੀ ਮਿਹਨਤ, ਆਪਸੀ ਤਾਲਮੇਲ ਅਤੇ ਸੇਵਾ ਭਾਵਨਾ ਦਾ ਪ੍ਰਗਟਾਵਾ ਹੈ।ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਦਿੱਲੀ-ਐਨਸੀਆਰ ਦੀ ਸੰਗਤ ਨਾਲ ਹਰ ਸਮੇਂ ਖੜ੍ਹੀ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਗੁਰਮਤਿ ਸਮਾਗਮਾਂ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਦਿੱਲੀ ਕਮੇਟੀ ਮੈਂਬਰ ਭੂਪਿੰਦਰ ਸਿੰਘ ਭੁੱਲਰ, ਸੁਖਵਿੰਦਰ ਸਿੰਘ ਬੱਬਰ ਅਤੇ ਭੂਪਿੰਦਰ ਸਿੰਘ ਗਿੰਨੀ ਵੀ ਮੌਜੂਦ ਰਹੇ। ਗੁਰਪ੍ਰੀਤ ਸਿੰਘ ਰੰਮੀ ਅਤੇ ਉਨ੍ਹਾਂ ਦੀ ਟੀਮ ਵੱਲੋਂ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਸਵਾਗਤ ਅਤੇ ਸਨਮਾਨ ਕੀਤਾ ਗਿਆ। ਪੂਰੇ ਸਮਾਗਮ ਦੌਰਾਨ ਗੁਰਬਾਣੀ ਕੀਰਤਨ ਦੀਆਂ ਮਧੁਰ ਧੁਨਾਂ ਨਾਲ ਮਾਹੌਲ ਗੁਰਮਈ ਬਣਿਆ ਰਿਹਾ ਅਤੇ ਸੰਗਤ ਨੇ ਸ਼ਰਧਾ ਤੇ ਉਤਸ਼ਾਹ ਨਾਲ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਇੱਕ ਨਜ਼ਰ ...

## ਮਿਹਨਤੀ, ਇਮਾਨਦਾਰ, ਅਣਥੱਕ ਤੇ ਮਿਲਾਪੜੇ ਸੁਭਾਅ ਦੇ ਮਾਲਕ ਸਨ ਪ੍ਰਧਾਨ ਬੂਟਾ ਸਿੰਘ ਢਿੱਲੋਂ

### ਪ੍ਰਧਾਨ ਬੂਟਾ ਸਿੰਘ ਢਿੱਲੋਂ ਦੇ ਭੋਗ ’ਤੇ ਵਿਸ਼ੇ

ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ।।

ਗੁਰਬਾਣੀ ਦੇ ਮਹਾਂਵਾਕ ਅਨੁਸਾਰ ਪ੍ਰਧਾਨ ਬੂਟਾ ਸਿੰਘ ਢਿੱਲੋਂ ਜੀ ਪਰਮਾਤਮਾ ਦੁਆਰਾ ਬਖਸ਼ੀ ਆਪਣੀ ਸਵਾਸਾਂ ਦੀ ਪੂੰਜੀ ਭੋਗਦੇ ਹੋਏ ਇਸ ਫਾਨੀ ਸੰਸਾਰ ਤੋਂ ਮਿਤੀ 25/09/2026 ਨੂੰ ਮਨਹੂਸ ਦਿਨ ਅਚਾਨਕ ਰੁਖ਼ਸਤ ਹੋ ਗਏ ਹਨ। ਇਸ ਨਰਮ ਅਤੇ ਸ਼ਾਂਤ ਸੁਭਾਅ ਦੇ ਮਾਲਕ ਦਾ ਜਨਮ ਮਿਤੀ 05/09/1955 ਨੂੰ ਸੁਭਾਗੇ ਦਿਨ ਪਿੰਡ ਸੁਖਲੱਧੀ (ਬਠਿੰਡਾ) ਵਿਖੇ ਪਿਤਾ ਸਰਦਾਰ ਹਰਦਿੱਤ ਸਿੰਘ ਢਿੱਲੋਂ ਤੇ ਮਾਤਾ ਸਰਦਾਰਨੀ ਜਸ ਕੌਰ



ਦੀ ਸੁਲੱਖਣੀ ਕੁੱਖੋਂ ਹੋਇਆ।ਚਾਰ ਭੈਣਾਂ ਨੇ ਆਪਣਾ ਲਾਡਲਾ ਵੀਰ ਅਤੇ ਮਾਪਿਆਂ ਨੇ ਆਪਣੇ ਪਿਆਰੇ ਪੁੱਤਰ ਨੂੰ ਚਾਵਾਂ ਨਾਲ਼ ਪਾਲ਼ਿਆ ਅਤੇ ਚੰਗੇ ਸੰਸਕਾਰ ਦਿੱਤੇ। ਭਾਵੇਂ ਆਪ ਨੇ ਸਰਕਾਰੀ ਪ੍ਰਾਇਮਰੀ ਸਕੂਲ ਬੰਗੀ ਰੁੱਘੂ ਤੋਂ ਕੇਵਲ ਪ੍ਰਾਇਮਰੀ ਪੱਧਰ ਦੀ ਸਿੱਖਿਆ ਹਾਸਲ ਕੀਤੀ ਪਰ ਵੱਡੇ ਹੋ ਕੇ ਸੰਸਾਰ ਪੱਧਰ ਦੇ ਸਾਹਿਤ ਨੂੰ ਖੁੱਲ੍ਹ ਕੇ ਪੜ੍ਹਿਆ ਅਤੇ ਨਿੱਗਰ ਵਿਚਾਰਧਾਰਾ ਨੂੰ ਆਪਣੇ ਜੀਵਨ ਵਿੱਚ ਵਿਹਾਰਕ ਤੌਰ ’ਤੇ ਲਾਗੂ ਕਰ ਕੇ ਰੌਸ਼ਨ ਦਿਮਾਗ਼ ਇਨਸਾਨ ਸਾਬਿਤ ਹੋਏ। ਮਿਹਨਤੀ, ਇਮਾਨਦਾਰ, ਅਣਥੱਕ ਤੇ ਮਿਲਾਪੜੇ ਸੁਭਾਅ ਦੇ ਮਾਲਕ ਪ੍ਰਧਾਨ ਬੂਟਾ ਸਿੰਘ ਢਿੱਲੋਂ ਦਾ ਪਵਿੱਤਰ ਵਿਆਹ ਪਿੰਡ ਸੇਖੂ (ਬਠਿੰਡਾ) ਦੀ ਸਰਦਾਰਨੀ ਜਸਵੀਰ ਕੌਰ ਨਾਲ਼ ਸਾਲ 1972 ’ਚ ਹੋਇਆ। ਆਪ ਦੇ ਘਰ ਪੰਜ ਵਡਭਾਗੀਆਂ ਧੀਆਂ ਨੇ ਜਨਮ ਲਿਆ। ਆਪ ਨੇ ਆਪਣੀਆਂ ਨੂੰ ਧੀਆਂ ਨੂੰ ਖ਼ੂਬ ਪੜ੍ਹਾਇਆ-ਲਿਖਾਇਆ, ਲਾਡਾਂ ਨਾਲ਼ ਪਾਲਿਆ, ਸਾਹਿਤ ਪੜ੍ਹਨ ਦੀ ਚੇਟਕ ਲਾਈ, ਮਾਰਕਸੀ ਵਿਚਾਰਧਾਰਾ ਤੇ ਵਜ਼ਨਦਾਰ ਪ੍ਰੰਪਰਾਵਾਂ ਪ੍ਰਦਾਨ ਕੀਤੀਆਂ। ਮਾਰਕਸਵਾਦੀ ਸਾਹਿਤ, ਤਰਕਸ਼ੀਲ ਸਾਹਿਤ ਤੇ ਜੁਝਾਰਵਾਦੀ ਸਾਹਿਤ, ਪੰਜਾਬ ਦੇ ਸ਼੍ਰੋਮਣੀ ਸਾਹਿਤਕਾਰਾਂ ਦੀਆਂ ਲਿਖਤਾਂ ਦੇ ਅਧਿਐਨ ਨੇ ਆਪ ਨੂੰ ਪਾਰਖੂ ਨਜ਼ਰ, ਵਿਗਿਆਨਕ ਸੋਚ, ਅਣਖੀਲੇ ਸੁਭਾਅ ਤੇ ਖੱਬੇ ਪੱਖੀ ਵਿਚਾਰਾਂ ਦਾ ਧਾਰਨੀ ਬਣਾਇਆ ਅਤੇ ਇਨਕਲਾਬੀ ਘੋਲ਼ਾਂ ਵਿੱਚ ਸ਼ਮੂਲੀਅਤ ਲਈ ਪ੍ਰੇਰਤ ਕੀਤਾ। ਦੁਨਿਆਵੀ ਭੀੜ ’ਚੋਂ ਨਿੱਖੜੇ, ਨਿੱਤਰੇ ਤੇ ਸੰਸਥਾ ਵਰਗੇ ਵਿਅਕਤੀ ਪ੍ਰਧਾਨ ਬੂਟਾ ਸਿੰਘ ਜੀ ਨੇ ਸਮਾਜ ਨੂੰ ਅੰਧ-ਵਿਸ਼ਵਾਸਾਂ ਦੀ ਦਲਦਲ ’ਚੋਂ ਕੱਢਣ ਲਈ ਤਰਕਸ਼ੀਲ ਲਹਿਰ ਨਾਲ਼ ਜੁੜ ਕੇ ਬੇ ਮਿਸਾਲ ਸੇਵਾ ਨਿਭਾਈ। ਆਪ ਨੇ ਇੱਕ ਸੰਘਰਸ਼ੀ ਤੇ ਨਿਧੜਕ ਆਗੂ ਵਜੋਂ ਪੰਜਾਬ ਸਟੂਡੈਂਟ ਯੂਨੀਅਨ ਲਈ ਸਮੇਂ ਦੀਆਂ ਸਰਕਾਰਾਂ ਦੇ ਵਿਦਿਆਰਥੀ ਅਤੇ ਸਮਾਜ ਵਿਰੋਧੀ ਫੈਸਲਿਆਂ ਦਾ ਡੱਟ ਕੇ ਟਾਕਰਾ ਕੀਤਾ। ਪਹਿਲੀ ਤੇ ਦੂਜੀ ਸੰਸਾਰ ਜੰਗ, ਰੂਸੀ ਕ੍ਰਾਂਤੀ ਦੇ ਬਾਰੇ ਗਿਆਨ, ਭਾਰਤ ਦੀ ਆਜ਼ਾਦੀ ਲਈ ਕੀਤੇ ਗਏ ਸੰਘਰਸ਼ ਦੀ ਨੇੜਿਓਂ ਸਮਝ ਹੋਣ ਕਾਰਨ ਅਤੇ ਸ਼ਹੀਦ ਭਗਤ ਸਿੰਘ ਦੀ ਸ਼ਖ਼ਸੀਅਤ ਤੇ ਵਿਚਾਰਾਂ ਤੋਂ ਪ੍ਰਭਾਵਤ ਹੋਣ ਕਾਰਨ ਆਪ ਨੇ ਨੌਜਵਾਨ ਭਾਰਤ ਸਭਾ ਦੀ ਬਠਿੰਡਾ ਇਕਾਈ ਲਈ ਬਤੌਰ ਪ੍ਰਧਾਨ ਸਰਗਰਮ ਰਹਿ ਕੇ ਵਾਗਡੋਰ ਸੰਭਾਲੀ ਅਤੇ ਬੱਸ ਕਿਰਾਇਆ ਅੰਦੋਲਨ ਮੌਕੇ ਮਨੁੱਖਤਾ ਦੇ ਭਲੇ ਲਈ ਜੇਲ੍ਹ ਯਾਤਰਾ ਵੀ ਕੀਤੀ। ਸਮਾਜਵਾਦੀ ਨਜ਼ਰੀਆ ਹੋਣ ਕਾਰਨ ਆਪ ਨੇ ਆਪਣੇ ਪਿੰਡ ਦੀ ਭਲਾਈ ਲਈ ਅਨੇਕਾਂ ਸਲਾਹੁਣ ਯੋਗ ਸਰਵ ਸਾਂਝੇ ਕਾਰਜ ਕਰਨ ਦੇ ਨਾਲ਼-ਨਾਲ਼ ਸਰਕਾਰੀ ਹਾਈ ਸਕੂਲ ਬੰਗੀ ਰੁੱਘੂ ਲਈ ਪੀ.ਟੀ.ਏ ਪ੍ਰਧਾਨ ਵਜੋਂ ਵਿਦਿਆਰਥੀਆਂ ਅਤੇ ਸਕੂਲ ਦੀ ਤਰੱਕੀ ਲਈ ਦਿਲੋਂ ਸੇਵਾ ਨਿਭਾਈ ਆਪ ਨੇ ਆਪਣੀ ਮਾਤਾ ਦੀ ਅੱਖਾਂ ਦਾਨ ਕਰਵਾ ਕੇ ਮਨੁੱਖਤਾ ਲਈ ਉਸਾਰੂ ਸੁਨੇਹਾ ਦਿੱਤਾ। ਗਰੀਬ-ਗੁਰਬੇ ਦੀ ਮੱਦਦ ਕਰਨ ਵਾਲ਼ੇ ਅਤੇ ਲਾਲਚ-ਬੇਈਮਾਨੀ ਤੋਂ ਕੋਹਾਂ ਦੂਰ ਰਹਿਣ ਵਾਲ਼ੇ ਪ੍ਰਧਾਨ ਬੂਟਾ ਸਿੰਘ ਜੀ ਨੇ ਜੀਵਨ ਭਰ ਰੀਝਾਂ ਨਾਲ਼ ਖੇਤੀਬਾੜੀ ਕੀਤੀ ਅਤੇ ਪਰਿਵਾਰਕ ਲੋੜਾਂ ਅਨੁਸਾਰ ਕੁਦਰਤੀ ਤਰੀਕੇ ਨਾਲ਼ ਦਾਲਾਂ, ਫ਼ਲ ਤੇ ਸਬਜ਼ੀਆਂ ਪੈਦਾ ਕਰ ਕੇ ਲੀਹ ਪਾੜੂ ਕਿਸਾਨ ਸਾਬਿਤ ਹੋਏ। ਖੇਤੀ ਵਭਿੰਨਤਾ ਲਈ ਆਪ ਨੇ ਆਂਧਰਾ ਪ੍ਰਦੇਸ ਸਮੇਤ ਹੋਰ ਸੂਬਿਆਂ ’ਚ ਜਾ ਕੇ ਉੱਥੋਂ ਦੇ ਖੇਤੀ ਮਾਡਲ ਵੇਖੇ। ਸਰੀਰਕ ਤੌਰ ’ਤੇ ਫਰਤੀਲੇ, ਜੋਸ਼ੀਲੇ ਤੇ ਇਸ ਕੱਦਾਵਰ ਇਨਸਾਨ ਨੇ ਜੀਵਨ ਭਰ ਸੰਜਮ ਨਾਲ਼ ਸਾਦਾ ਖਾਣਾ ਖਾਧਾ, ਪੈਦਲ ਯਾਤਰਾ ਕੀਤੀ, ਸਾਈਕਲ ਨੂੰ ਆਪਣਾ ਸਾਥੀ ਬਣਾਇਆ। ਖ਼ੂਬਸੂਰਤ ਵਿਚਾਰਧਾਰਾ, ਸਾਦਗੀ ਪਸੰਦ, ਕਰਮਸ਼ੀਲ ਇਨਸਾਨ, ਸਭ ਦਾ ਸੁਚੱਜਾ ਮਾਰਗ ਦਰਸ਼ਨ ਕਰਨ ਵਾਲ਼ੇ ਅਤੇ ਇਲਾਕੇ ਦੀ ਸਤਿਕਾਰਤ ਹਸਤੀ ਪ੍ਰਧਾਨ ਬੂਟਾ ਸਿੰਘ ਢਿੱਲੋਂ ਜੀ ਦੀ ਅਜੇ ਪਰਿਵਾਰ, ਰਿਸ਼ਤੇਦਾਰਾਂ ਅਤੇ ਸਮਾਜ ਨੂੰ ਬਹੁਤ ਲੋੜ ਸੀ। ਸਭ ਰਿਸ਼ਤੇਦਾਰਾਂ ਦਾ ਸਹਾਰਾ, ਸਭ ਦੇ ਸਿਰ ’ਤੇ ਅਸ਼ੀਰਵਾਦ ਭਰਿਆ ਹੱਥ ਰੱਖਣ ਵਾਲ਼ੇ ਅਤੇ ਸਾਰਿਆਂ ਨੂੰ ਜੋੜ ਕੇ ਰੱਖਣ ਵਾਲ਼ੇ ਇਸ ਰੰਗਲੇ ਅਤੇ ਜੱਗੋਂ ਨਿਰਾਲੇ ਇਨਸਾਨ ਦੇ ਅਚਾਨਕ ਤੁਰ ਜਾਣ ਨਾਲ਼ ਹਮਸਫ਼ਰ ਜਸਵੀਰ ਕੌਰ, ਭੈਣ ਕਰਮਜੀਤ ਕੌਰ ਪਤਨੀ ਹੁਕਮ ਸਿੰਘ ਜਿਓਂਦ, ਪੁੱਤਾਂ ਵਾਂਗ ਪਾਲ਼ੀਆਂ ਲਾਡਲੀਆਂ ਧੀਆਂ ਸੁਖਮੀਤ ਕੌਰ ਪਤਨੀ ਰਣਧੀਰ ਸਿੰਘ, ਰਣਧੀਰ ਕੌਰ ਪਤਨੀ ਸੁਖਮੰਦਰ ਸਿੰਘ, ਸੁਖਵੀਰ ਕੌਰ ਪਤਨੀ ਗੁਰਪ੍ਰੀਤ ਸਿੰਘ, ਕਰਮਜੀਤ ਕੌਰ ਪਤਨੀ ਦਰਸ਼ਨ ਸਿੰਘ, ਹਰਦੀਪ ਕੌਰ ਪਤਨੀ ਬਲਜਿੰਦਰ ਸਿੰਘ, ਦੋਹਤੇ ਰਾਜਨਪ੍ਰੀਤ ਸਿੰਘ ਅਤੇ ਦੋਹਤੀ ਜਸ਼ਨਪ੍ਰੀਤ ਕੌਰ ਕੈਨੇਡਾ ਸਮੇਤ 12 ਦੋਹਤੇ-ਦੋਹਤੀਆਂ, ਚਾਰ ਭੈਣਾਂ ਦੀ ਔਲਾਦ 13 ਭਾਣਜੇ-ਭਾਣਜੀਆਂ ਸਮੇਤ ਸਮੂਹ ਰਿਸ਼ਤੇਦਾਰਾਂ ਦੀ ਰੰਗਲੀ ਦੁਨੀਆਂ ਅੱਜ ਬੇਰੌਣਕ ਹੋਈ ਜਾਪਦੀ ਹੈ। ਪਰਮਾਤਮਾ ਦੇ ਚਰਨਾਂ ’ਚ ਜਾ ਬਿਰਾਜੀ ਇਸ ਬਹੁਪੱਖੀ ਸ਼ਖ਼ਸੀਅਤ ਪ੍ਰਧਾਨ ਬੂਟਾ ਸਿੰਘ ਢਿੱਲੋਂ ਨਮਿਤ ਰੱਖੇ ਗਏ ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਅੱਜ ਮਿਤੀ 04/10/2026 (ਐਤਵਾਰ) ਨੂੰ ਗੁਰਦੁਆਰਾ ਕਰਮਸਰ ਸਾਹਿਬ ਪਿੰਡ ਸੁਖਲੱਧੀ (ਬਠਿੰਡਾ) ਵਿਖੇ ਦੁਪਹਿਰ 12 ਤੋਂ 1 ਵਜੇ ਦੇ ਦਰਮਿਆਨ ਹੋਵੇਗੀ, ਜਿੱਥੇ ਪਰਿਵਾਰਕ ਜੀਅ, ਰਿਸ਼ਤੇਦਾਰ, ਸੰਬੰਧੀ, ਇਲਾਕਾ ਨਿਵਾਸੀ, ਜਥੇਬੰਦਕ ਆਗੂ, ਸੱਭਿਆਚਾਰਕ ਤੇ ਕਲਾ ਵਰਗ, ਧਾਰਮਿਕ ਹਸਤੀਆਂ, ਮੁਲਾਜ਼ਮ ਵਰਗ ਆਦਿ ਖੇਤਰਾਂ ਦੇ ਸੁਹਿਰਦ ਸੱਜਣ ਵਿਛੜੀ ਆਤਮਾ ਨੂੰ ਸ਼ਰਧਾਂਜਲੀ ਅਰਪਿਤ ਕਰਨਗੇ।

**ਸ਼ਬਦ ਰਚਨਾ: ਲੈਕਚਰਾਰ ਤਰਸੇਮ ਸਿੰਘ ਬੁੱਟਰ**

## ਵਿਕਰਮਜੀਤ ਸਿੰਘ ਸਾਹਨੀ ਵੱਲੋਂ ਕੈਪਟਨ ਸਮਿਤ ਮਛਰ ਲਈ 25 ਲੱਖ ਦੇ ਬਹਾਦਰੀ ਪੁਰਸਕਾਰ ਦਾ ਐਲਾਨ

ਨਵੀਂ ਦਿੱਲੀ 3 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਰਾਜ ਸਭਾ ਮੈਂਬਰ ਅਤੇ ’ਸੰਨ ਫਾਊਂਡੇਸ਼ਨ’ ਦੇ ਚੇਅਰਮੈਨ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਦੁਬਈ ਤੋਂ ਤੇਲ ਅਵੀਵ ਜਾਣ ਵਾਲੀ ਉਡਾਣ ਦੌਰਾਨ ਕਾਕਪਿਟ ਵਿਚ ਹੋਏ ਜਾਨਲੇਵਾ ਹਮਲੇ ਦੌਰਾਨ ਕੈਪਟਨ ਸਮਿਤ ਮਛਰ ਵੱਲੋਂ ਦਿਖਾਈ ਗਈ ਅਸਧਾਰਨ ਬਹਾਦਰੀ ਅਤੇ ਸੂਝ-ਬੂਝ ਲਈ ਉਨ੍ਹਾਂ ਨੂੰ ਸਨਮਾਨਿਤ ਕਰਨ ਵਾਸਤੇ ?25 ਲੱਖ ਦੇ “ਸਮਿਤ ਮਛਰ ਬਹਾਦਰੀ ਪੁਰਸਕਾਰ” ਦੇਣ ਦਾ ਐਲਾਨ ਕੀਤਾ। ਗੰਭੀਰ ਜ਼ਖਮੀ ਹੋਣ ਦੇ ਬਾਵਜੂਦ, ਕੈਪਟਨ ਮਛਰ ਨੇ ਕਮਾਲ ਦੀ ਹਿੰਮਤ ਦਿਖਾਈ ਅਤੇ ਇੱਕ ਵੱਡੇ ਹਾਦਸੇ ਨੂੰ ਟਾਲਣ ਵਿੱਚ ਮਦਦ ਕੀਤੀ, ਜਿਸ ਨਾਲ ਲਗਭਗ 170 ਯਾਤਰੀਆਂ ਦੀ ਜਾਨ ਬਚ ਗਈ। ਉਨ੍ਹਾਂ ਦੀ ਬਹਾਦਰੀ ਅਤੇ ਨਿਰਸਵਾਰਥ ਕਾਰਜ ਦੀ ਸ਼ਲਾਘਾ ਕਰਦਿਆਂ, ਡਾ. ਸਾਹਨੀ ਨੇ ਕਿਹਾ ਕਿ ਅਜਿਹੀ ਬਹਾਦਰੀ ਭਾਰਤ ਦੀ ਸਰਵੋਤਮ ਭਾਵਨਾ ਨੂੰ ਦਰਸਾਉਂਦੀ ਹੈ ਅਤੇ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸ੍ਰੋਤ ਬਣਨੀ ਚਾਹੀਦੀ ਹੈ। ਡਾ. ਸਾਹਨੀ ਨੇ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਨੂੰ ਪੱਤਰ ਲਿਖ ਕੇ ਇਹ ਬੇਨਤੀ ਵੀ ਕੀਤੀ ਹੈ ਕਿ ਕੈਪਟਨ ਮਛਰ ਨੂੰ ’ਅਸ਼ੋਕ ਚੱਕਰ’ ਅਤੇ ’ਰਾਸ਼ਟਰੀ ਬਹਾਦਰੀ ਪੁਰਸਕਾਰ’ ਲਈ ਵਿਚਾਰਿਆ ਜਾਵੇ। ਡਾ. ਸਾਹਨੀ ਨੇ



ਕਿਹਾ ਕਿ ਇਹ ਪੁਰਸਕਾਰ ਲੋੜਵੰਦ ਨੌਜਵਾਨਾਂ ਲਈ ਮੌਕੇ ਪੈਦਾ ਕਰਨ ਪ੍ਰਤੀ ’ਸੰਨ ਫਾਊਂਡੇਸ਼ਨ’ ਦੀ ਵਚਨਬੱਧਤਾ ਨੂੰ ਵੀ ਮਜ਼ਬੂਤ ਕਰੇਗਾ। ਇਹ ਫਾਊਂਡੇਸ਼ਨ ਪੰਜਾਬ ਵਿੱਚ ਹਜ਼ਾਰਾਂ ਨੌਜਵਾਨਾਂ ਨੂੰ ਹਵਾਬਾਜ਼ੀ (ਏਵੀਏਸ਼ਨ) ਸਮੇਤ ਲਗਭਗ 20 ਕੋਰਸਾਂ ਵਿੱਚ ਮੁਫ਼ਤ ਹੁਨਰ ਸਿਖਲਾਈ ਪ੍ਰਦਾਨ ਕਰਦੀ ਹੈ। ਇਸ ਪਹਿਲਕਦਮੀ ਦੇ ਹਿੱਸੇ ਵਜੋਂ, ’ਸੰਨ ਫਾਊਂਡੇਸ਼ਨ’ ਨੇ ਬਰਨਾਲਾ ਦੀ ਇੱਕ ਆਂਗਣਵਾੜੀ ਵਰਕਰ ਦੀ ਧੀ ਕੁਲਵੀਰ ਕੌਰ ਦੀ ਪਾਇਲਟ ਵਜੋਂ ਸਿਖਲਾਈ ਵਿੱਚ ਸਹਾਇਤਾ ਕੀਤੀ ਸੀ, ਜਿਸ ਨਾਲ ਉਹ ਭਾਰਤ ਅਤੇ ਦੱਖਣੀ ਅਫਰੀਕਾ ਦੋਵਾਂ ਥਾਵਾਂ ’ਤੇ ਸਿਖਲਾਈ ਲੈਣ ਦੇ ਯੋਗ ਬਣੀ; ਉਹ ਹੁਣ ਇੱਕ ਕਮਰਸ਼ੀਅਲ ਪਾਇਲਟ ਹੈ। ਡਾ. ਸਾਹਨੀ ਨੇ ਐਲਾਨ ਕੀਤਾ ਕਿ ਫਾਊਂਡੇਸ਼ਨ ਕੈਪਟਨ ਸਮਿਤ ਮਛਰ ਦੇ ਨਾਮ ’ਤੇ ਵਜ਼ੀਫੇ ਦੇ ਕੇ ਆਰਥਿਕ ਤੌਰ ’ਤੇ ਕਮਜ਼ੋਰ ਵਰਗ ਦੇ ਨੌਜਵਾਨਾਂ ਲਈ ਆਪਣੇ ਪਾਇਲਟ-ਸਿਖਲਾਈ ਪ੍ਰੋਗਰਾਮ ਨੂੰ ਹੋਰ ਮਜ਼ਬੂਤ ਕਰੇਗੀ, ਤਾਂ ਜੋ ਉਨ੍ਹਾਂ ਦੀ ਬਹਾਦਰੀ ਦੇ ਕਾਰਜ ਨੂੰ ਅਵਸਰ ਅਤੇ ਪ੍ਰੇਰਨਾ ਦੇ ਇੱਕ ਸਥਾਈ ਸਰੋਤ ਵਿੱਚ ਬਦਲਿਆ ਜਾ ਸਕੇ।

### ਅੰਮ੍ਰਿਤਸਰ ਸ਼ਹਿਰ ਦੀ ਨੁਹਾਰ ਬਦਲਣ ਲਈ ‘ਫ਼ਿਕਰਮੰਦ ਨਾਗਰਿਕਾਂ’ ਦੀ ਹੋਈ ਅਹਿਮ ਮੀਟਿੰਗ ਵਿੱਚ

## ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਆਸਤਦਾਨਾਂ ਨੂੰ 6 ਮਹੀਨੇ ਸੁਹਿਰਦ ਹੋ ਕੇ ਕੰਮ ਕਰਨ ਦਾ ਦਿੱਤਾ ਹੋਕਾ: ਇੰਜ ਕੋਹਲੀ

ਚੌਕ ਮਹਿਤਾ, 3 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਅੰਮ੍ਰਿਤਸਰ: ਗੁਰੂ ਨਗਰੀ ਅੰਮ੍ਰਿਤਸਰ ਨੂੰ ਸਹੀ ਮਾਅਨਿਆਂ ਵਿੱਚ ’ਸਮਾਰਟ ਸਿਟੀ’ ਬਣਾਉਣ ਅਤੇ ਇਸਦੀ ਵਿਗੜ ਰਹੀ ਹਾਲਤ ਨੂੰ ਸੁਧਾਰਨ ਲਈ ਅੱਜ ਸਹਿਰ ਦੇ ’ਫ਼ਿਕਰਮੰਦ ਨਾਗਰਿਕਾਂ’ ਵੱਲੋਂ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਸਿਰਫ਼ ਸਮੱਸਿਆਵਾਂ ਗਿਣਾਉਣਾ ਨਹੀਂ ਸੀ, ਸਗੋਂ ਸ਼ਹਿਰ ਦੀ ਨੁਹਾਰ ਬਦਲਣ ਲਈ ਸਮਾਜ ਦੇ ਸਾਰੇ ਵਰਗਾਂ ਨੂੰ ਇਕਜੁੱਟ ਕਰਕੇ ਇੱਕ ਸਾਂਝੀ ਮੁਹਿੰਮ ਵਿੱਢਣਾ ਸੀ। ਮੀਟਿੰਗ ਦੌਰਾਨ ਅੰਮ੍ਰਿਤਸਰ ਹਰਿਆਵਲ ਮੰਚ ਦੇ ਪ੍ਰਧਾਨ, ਇੰਜੀ ਦਲਜੀਤ ਸਿੰਘ ਕੋਹਲੀ ਨੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ, ਸ਼੍ਰੀ ਦੁਰਗਿਆਣਾ ਮੰਦਿਰ ਅਤੇ ਸ਼੍ਰੀ ਭਗਵਾਨ ਵਾਲਮੀਕਿ ਤੀਰਥ ਵਰਗੇ ਪਵਿੱਤਰ ਅਸਥਾਨਾਂ ਕਰਕੇ ਅਮ੍ਰਿਤਸਰ ਵਿੱਚ ਰੋਜ਼ਾਨਾ ਇੱਕ ਲੱਖ ਦੇ ਕਰੀਬ ਸ਼ਰਧਾਲੂ ਆਉਂਦੇ ਹਨ, ਇਸ ਸ਼ਹਿਰ ਦੀ ਸਾਂਭ-ਸੰਭਾਲ ਕਰਨਾ ਸਾਡਾ ਸਭ ਦਾ ਨੈਤਿਕ ਫ਼ਰਜ਼ ਬਣਦਾ ਹੈ। ਪਰ ਸ਼ਹਿਰ ਵਿੱਚ ਕੂੜੇ ਦੀ ਸਮੱਸਿਆ, ਹਰ ਤਰ੍ਹਾਂ ਦੇ ਪ੍ਰਦੂਸ਼ਣ ਦੀ ਸਮੱਸਿਆ, ਫੁੱਟਪਾਥਾ ਤੇ ਕਬਜ਼ਿਆਂ ਸਮੇਤ ਸ਼ਹਿਰ ਦੀ ਟਰੈਫਿਕ ਅਤੇ ਪਾਰਕਿੰਗ ਸਮੱਸਿਆ ’ਤੇ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ ਦੱਸਿਆ ਕਿ ਵੱਡੀਆਂ ਇਮਾਰਤਾਂ, ਮਾਲਜ਼ ਅਤੇ ਹਸਪਤਾਲਾਂ ਦੀਆਂ ਬੇਸਮੈਂਟਾਂ ਨੂੰ ਪਾਰਕਿੰਗ ਦੀ ਬਜਾਏ ਨਿੱਜੀ ਕੰਮਾਂ ਅਤੇ ਵਪਾਰ ਲਈ ਵਰਤਿਆ ਜਾ ਰਿਹਾ ਹੈ। ਇਸ ਕਾਰਨ ਆਮ ਨਾਗਰਿਕਾਂ ਨੂੰ ਆਪਣੀਆਂ ਗੱਡੀਆਂ ਸੜਕਾਂ ’ਤੇ ਖੜ੍ਹੀਆਂ ਕਰਨੀਆਂ ਪੈਂਦੀਆਂ ਹਨ, ਜਿਨ੍ਹਾਂ ਨੂੰ ਬਾਅਦ ਵਿੱਚ ਪੁਲਿਸ ਵੱਲੋਂ ਟੌਅ (tow) ਕਰ ਲਿਆ ਜਾਂਦਾ ਹੈ, ਜੋ ਕਿ ਆਮ ਲੋਕਾਂ ਨੂੰ ਪ੍ਰੇਸ਼ਾਨ ਕਰਦਾ ਹੈ। ਮੀਟਿੰਗ ਦੌਰਾਨ ਅੰਮ੍ਰਿਤਸਰ ਨੂੰ ਕੂੜਾ-ਮੁਕਤ, ਨਸ਼ਾ-ਮੁਕਤ ਅਤੇ ਟ੍ਰੈਫਿਕ ਜਾਮ ਤੋਂ ਰਾਹਤ ਦਿਵਾਉਣ ਲਈ ਇਸ ਮੌਕੇ ਡਿਪਟੀ ਕਮਿਸ਼ਨਰ, ਨਗਰ ਨਿਗਮ, ਪੁਲਿਸ ਪ੍ਰਸ਼ਾਸਨ, ਤਕਨੀਕੀ ਅਧਿਕਾਰੀਆਂ ਅਤੇ ਜਨ-ਪ੍ਰਤੀਨਿਧੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਅਪੀਲ ਕੀਤੀ ਗਈ। ਸੰਬੋਧਨ ਕਰਦਿਆਂ ਇੰਜੀ. ਦਲਜੀਤ ਸਿੰਘ ਕੋਹਲੀ ਨੇ ਕਿਹਾ ਕਿ ਫਿਕਰਮੰਦ ਨਾਗਰਿਕ ਸਿਰਫ਼ ਚਿੰਤਾ ਨਹੀਂ ਕਰਦੇ, ਸਗੋਂ ਸਮਾਜ, ਸ਼ਹਿਰ, ਸੂਬੇ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਅਮਲੀ ਯਤਨ ਵੀ ਕਰਦੇ ਹਨ। ਇੰਜ ਦਲਜੀਤ ਸਿੰਘ ਕੋਹਲੀ ਨੇ ਕਿਹਾ ਕਿ ਉਨ੍ਹਾਂ ਦੇ ਸਮਾਜ ਸੇਵਾ ਦੇ ਇਸ ਸਫ਼ਰ ਦੌਰਾਨ ਉਨ੍ਹਾਂ ਨੂੰ ਸ਼੍ਰੀ ਕਮਲ ਡਾਲਮੀਆ, ਸ਼੍ਰੀ ਰੋਹਿਤ ਮਹਿਰਾ, ਸ਼੍ਰੀ ਅਵਿਨਾਸ਼ ਮਹਿੰਦਰੂ, ਡਾ. ਜਗਦੀਪ



ਸਿੰਘ ਭਾਟੀਆ, ਡਾ. ਕੰਵਰਜੀਤ ਸਿੰਘ ਹੁੰਦਲ, ਇੰਜੀ. ਮਨਜੀਤ ਸਿੰਘ ਸੈਣੀ, ਇੰਜੀ. ਜਤਿੰਦਰ ਲਖਨਪਾਲ, ਡਾ. ਹਰਜੀਤ ਸਿੰਘ ਅਰੋੜਾ ਅਤੇ ਸ੍ਰ. ਜਸਪਾਲ ਸਿੰਘ ਅਰੋੜਾ ਸਮੇਤ ਕਈ ਸ਼ਹਿਰ ਪ੍ਰੇਮੀਆਂ ਨੇ ਅਜੋਕੇ ਸਮੇਂ ਬਹੁਤ ਉਤਸ਼ਾਹਿਤ ਕੀਤਾ ਹੈ। ਇੰਜੀ ਕੋਹਲੀ ਨੇ ਇੱਕ ਬਹੁਤ ਹੀ ਸਾਰਥਕ ਸੁਨੇਹਾ ਦਿੰਦਿਆਂ ਸਮਾਜ ਸੇਵੀ ਸੰਸਥਾਵਾਂ, ਸਮਾਜ ਸੇਵਕਾਂ, ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਸਿਆਸੀ ਆਗੂਆਂ ਨੂੰ ਹੋਕਾ ਦਿੱਤਾ ਕਿ “ਆਓ, ਆਪਾਂ ਸਾਰੇ ਰਲ-ਮਿਲ ਕੇ, ਸਿਰਫ਼ 6 ਮਹੀਨੇ ਪੂਰੀ ਇਮਾਨਦਾਰੀ ਨਾਲ ਆਪੋ ਆਪਣੀਆਂ ਜ਼ਿੰਮੇਵਾਰੀਆਂ ਨੂੰ ਨਿਭਾਈਏ ਤਾਂ ਜੋ ਅੰਮ੍ਰਿਤਸਰ ਨੂੰ ਅਸਲ ਮਾਅਨਿਆਂ ਵਿੱਚ ਇੱਕ ਖ਼ੂਬਸੂਰਤ ਸ਼ਹਿਰ ਬਣਾਇਆ ਜਾ ਸਕੇ। ਇਸ ਮੌਕੇ ਕੈਪਟਨ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਸ਼ਹਿਰ ਵਿੱਚ ਫੁੱਟਪਾਥਾਂ ’ਤੇ ਨਾਜਾਇਜ਼ ਕਬਜ਼ੇ, ਪੱਕੀਆਂ ਦੁਕਾਨਾਂ ਦਾ ਬਣ ਜਾਣਾ ਅਤੇ ਸ਼ਹਿਰ ਵਿੱਚ ਕੂੜੇ ਦੇ ਡੰਪਾਂ ਨੇ ਸ਼ਹਿਰ ਦੀ ਦਿੱਖ ਨੂੰ ਬਹੁਤ ਖਰਾਬ ਕੀਤਾ ਹੋਇਆ ਹੈ। ਉਨ੍ਹਾਂ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਕਾਲੇ ਸ਼ੀਸ਼ਿਆਂ ਵਾਲੀਆਂ ਗੱਡੀਆਂ ਅਤੇ ਏਅਰ ਕੰਡੀਸ਼ਨਡ (AC) ਦਫ਼ਤਰਾਂ ਵਿੱਚੋਂ ਬਾਹਰ ਆ ਕੇ ਜ਼ਮੀਨੀ ਪੱਧਰ ’ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ। ਪਾਇਲਟ ਜਸਪਾਲ ਸਿੰਘ ਨੇ ਆਉਣ ਵਾਲੀਆਂ ਚੋਣਾਂ ਤੋਂ ਪਹਿਲਾਂ ਇਨ੍ਹਾਂ 6 ਮਹੀਨਿਆਂ ਨੂੰ ਇੱਕ ਸੁਨਹਿਰੀ ਮੌਕਾ ਦੱਸਦਿਆਂ ਸਭ ਨੂੰ ਗਰਾਊਂਡ ਜ਼ੀਰੋ ’ਤੇ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ। ਮੀਟਿੰਗ ਵਿੱਚ ਫ਼ੈਸਲਾ ਕੀਤਾ ਗਿਆ ਕਿ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਸਫ਼ਾਈ, ਹਰਿਆਵਲੀ, ਟ੍ਰੈਫਿਕ ਪ੍ਰਬੰਧਨ, ਪਾਰਕਿੰਗ ਅਤੇ ਨਸ਼ਾ-ਰੋਕੂ ਮੁਹਿੰਮਾਂ ਲਈ ਵਲੰਟੀਅਰ ਟੀਮਾਂ ਦਾ ਗਠਨ ਕੀਤਾ ਜਾਵੇਗਾ। ਸੰਬੰਧਿਤ ਸਰਕਾਰੀ ਵਿਭਾਗਾਂ ਨਾਲ ਨਿਯਮਿਤ ਤਾਲਮੇਲ ਕਰਕੇ ਸਮੱਸਿਆਵਾਂ ਦੀ ਪਛਾਣ, ਤਰਜੀਹ ਨਿਰਧਾਰਤ ਕਰਨ ਅਤੇ ਸਮਾਂਬੱਧ ਹੱਲ ਯਕੀਨੀ ਬਣਾਉਣ ਲਈ ਇੱਕ ਸਾਂਝਾ ਕਾਰਜ-ਢਾਂਚਾ ਤਿਆਰ ਕੀਤਾ ਜਾਵੇਗਾ। ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਅਗਲੇ ਛੇ ਮਹੀਨਿਆਂ ਦੌਰਾਨ ਹਰ ਮਹੀਨੇ ਪ੍ਰਗਤੀ ਸਮੀਖਿਆ ਮੀਟਿੰਗ ਕੀਤੀ ਜਾਵੇ, ਜਿਸ ਵਿੱਚ ਸ਼ਹਿਰ ਦੀ ਸਫ਼ਾਈ, ਕਬਜ਼ਾ ਮੁਕਤੀ, ਪਾਰਕਿੰਗ ਸੁਧਾਰ, ਰੁੱਖ ਲਗਾਉਣ ਅਤੇ ਜਨ-ਜਾਗਰੂਕਤਾ ਮੁਹਿੰਮਾਂ ਦੇ ਨਤੀਜਿਆਂ ਦਾ ਮੁਲਾਂਕਣ ਕੀਤਾ ਜਾਵੇ।

## ਬਾਬਾ ਲੱਖਾ ਸਿੰਘ ਨਾਨਕਸਰ ਜਗਰਾਉਂ ਨੇ ਮੁੱਖ ਮੰਤਰੀ ਨਾਲ ਮੁਲਾਕਾਤ ਨੂੰ ਮੰਨਿਆ ਭੁੱਲ, ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਪਸ਼ਟੀਕਰਨ ਸੌਂਪਿਆ





ਅੰਮ੍ਰਿਤਸਰ, 3 ਅਕਤੂਬਰ 2026 (ਜਸਕਰਨ ਸਿੰਘ) -ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ “ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026” ’ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪ੍ਰਗਟਾਏ ਇਤਰਾਜ਼ਾਂ ਦੇ ਚੱਲ ਰਹੇ ਮਾਮਲੇ ਦੌਰਾਨ ਮੁੱਖ ਮੰਤਰੀ ਨੂੰ ਮਿਲਣ ਦੇ ਮਾਮਲੇ ਵਿੱਚ ਨਾਨਕਸਰ ਕਲੇਰਾਂ ਜਗਰਾਉਂ (ਲੁਧਿਆਣਾ) ਤੋਂ ਬਾਬਾ ਲੱਖਾ ਸਿੰਘ ਨੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਪਣਾ ਸਪਸ਼ਟੀਕਰਨ ਸੌਂਪਿਆ ਹੈ। ਬਾਬਾ ਲੱਖਾ ਸਿੰਘ ਨੇ ਆਪਣਾ ਪੱਖ ਸਿੰਘ ਸਾਹਿਬ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੌਂਪਿਆ। ਆਪਣੇ ਸਪਸ਼ਟੀਕਰਨ ਵਿੱਚ ਬਾਬਾ ਲੱਖਾ ਸਿੰਘ ਨੇ ਮੰਨਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਨੂੰ “ਗੁਰੂ ਦੋਖੀ ਤੇ ਖ਼ਾਲਸਾ ਪੰਥ ਵਿਰੋਧੀ” ਐਲਾਨੇ ਜਾਣ ਦੇ ਆਦੇਸ਼ ਦੇ ਮੱਦੇਨਜ਼ਰ ਉਨ੍ਹਾਂ ਨੂੰ ਉਨ੍ਹਾਂ ਨਾਲ ਨਹੀਂ ਮਿਲਣਾ ਚਾਹੀਦਾ ਸੀ ਅਤੇ ਇਹ ਉਨ੍ਹਾਂ ਦੀ ਭੁੱਲ ਹੈ। ਉਨ੍ਹਾਂ ਦੱਸਿਆ ਕਿ ਮੁਲਾਕਾਤ ਦਾ ਕਾਰਨ ਨਾਨਕਸਰ ਸੰਪਰਦਾ ਵੱਲੋਂ ਚਲਾਏ ਜਾ ਰਹੇ ਹਸਪਤਾਲ ਦੇ ਪ੍ਰਬੰਧਾਂ ਸਬੰਧੀ ਕਾਰਜ ਸਨ। ਸਰਕਾਰੀ ਅਫ਼ਸਰਾਂ ਨੇ ਅਸਮਰੱਥਾ ਦਰਸਾਉਂਦਿਆਂ ਮੁੱਖ ਮੰਤਰੀ ਤੋਂ ਆਦੇਸ਼ ਕਰਵਾਉਣ ਲਈ ਕਿਹਾ ਸੀ, ਜਿਸ ਕਰਕੇ ਉਨ੍ਹਾਂ ਨੂੰ ਮਜਬੂਰੀ ਵਿੱਚ ਮਿਲਣਾ ਪਿਆ। ਬਾਬਾ ਲੱਖਾ ਸਿੰਘ ਨੇ ਕਿਹਾ ਕਿ ਉਹ ਹਮੇਸ਼ਾ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹਨ ਅਤੇ ਤਖ਼ਤ ਸਾਹਿਬ ਤੋਂ ਆਏ ਹਰ ਆਦੇਸ਼ ਨੂੰ ਸਿਰ ਮੱਥੇ ਮੰਨਦੇ ਹਨ। ਬਾਬਾ ਲੱਖਾ ਸਿੰਘ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਬਣਾਏ ਗਏ ਬੇਅਦਬੀ ਸਬੰਧੀ ਕਾਨੂੰਨ ਦੀ ਕੋਈ ਸ਼ਲਾਘਾ ਨਹੀਂ ਕੀਤੀ। ਮੀਡੀਆ ਵਿੱਚ ਛਪੀਆਂ ਖ਼ਬਰਾਂ ਗਲਤ ਹਨ। ਉਨ੍ਹਾਂ ਵੱਲੋਂ ਅਜਿਹਾ ਕੋਈ ਬਿਆਨ ਜਾਰੀ ਨਹੀਂ ਕੀਤਾ ਗਿਆ, ਸਗੋਂ ਪੰਜਾਬ ਸਰਕਾਰ ਨੇ ਆਪਣੇ ਪੱਧਰ ’ਤੇ ਹੀ ਉਨ੍ਹਾਂ ਦੇ ਹਵਾਲੇ ਨਾਲ ਬਿਆਨ ਜਾਰੀ ਕਰ ਦਿੱਤਾ ਸੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਸ. ਬਗੀਚਾ ਸਿੰਘ ਨੇ ਦੱਸਿਆ ਕਿ ਬਾਬਾ ਲੱਖਾ ਸਿੰਘ ਵੱਲੋਂ ਦਿੱਤਾ ਗਿਆ ਸਪਸ਼ਟੀਕਰਨ ਅਤੇ ਖਿਮਾ ਜਾਚਨਾ ਸਿੰਘ ਸਾਹਿਬ ਜਥੇਦਾਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਜਿਸ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਵਿਚਾਰ ਕੇ ਫੈਸਲਾ ਕੀਤਾ ਜਾਵੇਗਾ।

## ਪਰਗਟ ਸਿੰਘ ਨੂੰ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਾਏ ਜਾਣ ਤੇ ਕਾਂਗਰਸੀਆਂ ਨੇ ਵੰਡੇ ਲੱਡੂ

ਸ੍ਰੀ ਅਨੰਦਪੁਰ ਸਾਹਿਬ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਅਤੇ ਸਾਬਕਾ ਕੈਬਨਿਟ ਮੰਤਰੀ ਪਰਗਟ ਸਿੰਘ ਨੂੰ ਪੰਜਾਬ ਕਾਂਗਰਸ ਦੇ ਪ੍ਰਧਾਨ ਬਣਾਏ ਜਾਣ ਤੇ ਅੱਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਾਂਗਰਸ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ। ਭਾਵੇਂ ਕਿ ਕਾਂਗਰਸ ਹਾਈਕਮਾਨ ਵੱਲੋਂ ਪੰਜਾਬ ਕਾਂਗਰਸ ਦੀ ਧੜੇਬੰਦੀ ਨੂੰ ਖਤਮ ਕਰਨ ਦੀ ਮਨਸ਼ਾ ਨੂੰ ਲੈ ਕੇ ਸੀਨੀਅਰ ਅਤੇ ਸਰਵ ਪ੍ਰਵਾਨਿਤ ਕਾਂਗਰਸੀ ਆਗੂ ਪਰਗਟ ਸਿੰਘ ਨੂੰ ਰਾਜਾ ਅਮਰਿੰਦਰ ਸਿੰਘ ਦੀ ਥਾਂ ਤੇ ਪੰਜਾਬ ਕਾਂਗਰਸ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਪ੍ਰੰਤੂ ਹੇਠਲੇ ਪੱਧਰ ਤੇ ਅਜੇ ਵੀ ਧੜੇਬੰਦੀ ਸਾਫ ਨਜ਼ਰ ਆ ਰਹੀ ਹੈ। ਸ੍ਰੀ ਅਨੰਦਪੁਰ ਸਾਹਿਬ ਵਿਖੇ ਅੱਜ ਇਹ ਧੜੇਬੰਦੀ ਉਸ ਸਮੇਂ ਸਾਫ ਨਜ਼ਰ ਆਈ ਜਦੋਂ ਪ੍ਰਗਟ ਸਿੰਘ ਦੇ ਪ੍ਰਧਾਨ ਬਣਨ ਦੀ ਖੁਸ਼ੀ ਵਿੱਚ ਕਾਂਗਰਸ ਪਾਰਟੀ ਦੇ ਦੋ ਧੜਿਆਂ ਵੱਲੋਂ ਅਲੱਗ ਅਲੱਗ ਲੱਡੂ ਵੰਡ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਕਾਂਗਰਸ ਪਾਰਟੀ ਦੇ ਇੱਕ ਧੜੇ ਦੀ ਅਗਵਾਈ ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਹਿਮਾਂਸ਼ੂ ਟੰਡਨ ਵੱਲੋਂ ਕੀਤੀ ਗਈ ਜਿਨਾਂ ਵੱਲੋਂ ਆਪਣੇ ਸਾਥੀਆਂ ਸਮੇਤ ਕੋਰਟ ਰੋਡ ਉੱਪਰ ਲੱਡੂ ਵੰਡੇ ਗਏ। ਇਸੇ ਤਰ੍ਹਾਂ ਦੂਸਰੇ ਧੜੇ ਦੀ ਅਗਵਾਈ ਜਿਲਾ ਰੂਪਨਗਰ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਡਾਕਟਰ ਅੱਛਰ ਸ਼ਰਮਾ ਵੱਲੋਂ ਕੀਤੀ ਗਈ ਜਿਨਾਂ ਦੀ ਅਗਵਾਈ ਹੇਠ ਇਕੱਤਰ ਹੋਏ ਕਾਂਗਰਸੀ ਆਗੂਆਂ ਅਤੇ ਵਰਕਰਾਂ ਵੱਲੋਂ ਗੁਰਦੁਆਰਾ ਭਗਤ ਰਵਿਦਾਸ ਜੀ ਚੌਕ ਵਿਖੇ ਲੱਡੂ ਵੰਡੇ ਗਏ। ਇਸ ਮੌਕੇ ਆਗੂਆਂ ਬਲਾਕ ਪ੍ਰਧਾਨ ਹਿਮਾਂਸ਼ੂ ਟੰਡਨ ਅਤੇ ਡਾਕਟਰ ਅੱਛਰ ਸ਼ਰਮਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਬਣਾਏ ਜਾਣ ਤੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਵਿੱਚ ਭਾਰੀ ਖੁਸ਼ੀ ਦੀ ਲਹਿਰ ਹੈ। ਉਹਨਾਂ ਕਿਹਾ ਕਿ ਪਰਗਟ ਸਿੰਘ ਬਹੁਤ ਹੀ ਸੁਲਝੇ ਹੋਏ ਅਤੇ ਤਜਰਬੇਕਾਰ ਇਨਸਾਨ ਹਨ ਜੋ ਕਾਂਗਰਸ ਪਾਰਟੀ ਨੂੰ ਉਚਾਈਆਂ ਵੱਲ ਲਿਜਾਉਣਗੇ। ਉਹਨਾਂ ਨੂੰ ਪ੍ਰਧਾਨ ਬਣਾਏ ਜਾਣ ਤੇ ਯੂਥ ਲਈ ਬਹੁਤ ਮਾਣ ਵਾਲੀ ਅਤੇ ਖੁਸ਼ੀ ਦੀ ਗੱਲ ਹੈ।

DHAN DHAN SRI GURU NANAK DEV JI
PARKASH PURAB

SANDWELL

# NAGAR KIRTAN

# ਨਗਰ ਕੀਰਤਨ



## SUNDAY 1ST NOVEMBER 2026

| | | | |
|---|---|---|---|
| **GURDWARA GURU HAR RAI SAHIB JI**<br>George Street, West Bromwich | START 9:00AM | ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ<br>ਜਰੋਜ ਸਟਰੀਟ, ਵੈਸਟ ਬ੍ਰਮਿਚ | ਅਰੰਭਤਾ: ੯:੦੦ ਵਜੇ |
| **GURU NANAK GURDWARA**<br>Edward Street, West Bromwich | 11:00AM | ਗੁਰੂ ਨਾਨਕ ਗੁਰਦੁਆਰਾ<br>ਏਡਵਰਡ ਸਟਰੀਟ, ਵੈਸਟ ਬ੍ਰਮਿਚ | ੧੧:੦੦ ਵਜੇ |
| **GURDWARA AMRIT PARCHAR DHARMIK DIWAN**<br>Birmingham Road, Oldbury | 1:00PM | ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ<br>ਬ੍ਰਮਿੰਘਮ ਰੋਡ, ਓਲਡਬਰੀ | ੧:੦੦ ਵਜੇ |
| **GURDWARA GURU MANEYO GRANTH**<br>Popes Lane, Oldbury | 2:00PM | ਗੁਰਦੁਆਰਾ ਗੁਰੂ ਮਾਨਯੋ ਗ੍ਰੰਥ<br>ਪੋਪਸ ਲੇਨ, ਓਲਡਬਰੀ | ੨:੦੦ ਵਜੇ |
| **GURDWARA BABA SANG**<br>St. Paul's Road, Smethwick | 3:15PM | ਗੁਰਦੁਆਰਾ ਬਾਬਾ ਸੰਗ ਜੀ<br>ਸਟ, ਪੋਲਜ਼ ਰੋਡ, ਸਮੇਦਿਕ | ੩:੧੫ ਵਜੇ |
| **GURU NANAK GURDWARA SMETHWICK**<br>High Street, Smethwick | 4:00PM | ਗੁਰੂ ਨਾਨਕ ਗੁਰਦੁਆਰਾ<br>ਸਮੇਦਿਕ | ੪:੦੦ ਵਜੇ |

**GURDWARA GURU HAR RAI SAHIB - 0121 553 7219**
**GURU NANAK GURDWARA SMETHWICK - 0121 558 2527**




## ਨਿੱਝਰ ਕਤਲ ਵਿਵਾਦ ਮਗਰੋਂ ਕੈਨੇਡਾ-ਭਾਰਤ ਰਿਸ਼ਤਿਆਂ 'ਚ ਡੂੰਘਾ ਖ਼ਲਾਅ

# 'ਕਾਲੀ ਸੂਚੀ' ਰਾਹੀਂ ਭਾਰਤ ਵਿਰੋਧੀ ਆਵਾਜ਼ਾਂ ਨੂੰ ਰੋਕਣ ਦੀ ਕੋਸ਼ਿਸ਼, ਪਿੱਛੇ ਰਹਿੰਦੇ ਪਰਿਵਾਰਾਂ 'ਤੇ ਦਬਾਅ ਤੇ ਧਮਕੀਆਂ: CSIS

### ਕੈਨੇਡੀਅਨ ਖੁਫੀਆ ਰਿਪੋਰਟ 'ਚ ਭਾਰਤ ਦੂਜਾ ਸਭ ਤੋਂ ਵਿਆਪਕ ਵਿਦੇਸ਼ੀ ਦਖ਼ਲਅੰਦਾਜ਼ੀ ਕਰਨ ਵਾਲਾ ਦੇਸ਼; ਚੀਨ, ਰੂਸ, ਪਾਕਿਸਤਾਨ ਤੇ ਇਰਾਨ ਦਾ ਵੀ ਜ਼ਿਕਰ

ਲੰਡਨ/ਟੋਰਾਂਟੋ, 3 ਅਕਤੂਬਰ (ਸਰਬਜੀਤ ਸਿੰਘ ਬਨੂੜ)- ਕੈਨੇਡਾ ਦੀ ਖੁਫੀਆ ਏਜੰਸੀ ਕੈਨੇਡੀਅਨ ਸਕਿਉਰਿਟੀ ਇੰਟੈਲੀਜੈਂਸ ਸਰਵਿਸ (ਸੀ.ਐੱਸ.ਆਈ.ਐੱਸ.) ਵੱਲੋਂ 3 ਸਤੰਬਰ 2026 ਨੂੰ ਜਾਰੀ ਵਿਦੇਸ਼ੀ ਦਖ਼ਲਅੰਦਾਜ਼ੀ ਸਬੰਧੀ ਰਿਪੋਰਟ ਵਿੱਚ ਚੀਨ, ਭਾਰਤ, ਰੂਸ, ਪਾਕਿਸਤਾਨ ਅਤੇ ਇਰਾਨ ਦੀਆਂ ਸਰਗਰਮੀਆਂ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਗਿਆ ਹੈ। ਸੀ.ਐੱਸ.ਆਈ.ਐੱਸ. ਨੇ ਚੀਨ ਨੂੰ ਕੈਨੇਡਾ ਵਿੱਚ ਸਭ ਤੋਂ ਵੱਧ ਸਰਗਰਮ ਵਿਦੇਸ਼ੀ

ਆਵਾਜ਼ਿ ਕੌਮ
AWAZE QAUM
International Newspaper & WEB TV

ਦਖ਼ਲਅੰਦਾਜ਼ੀ ਕਰਨ ਵਾਲਾ ਦੇਸ਼ ਦੱਸਿਆ ਹੈ, ਜਦਕਿ ਭਾਰਤ ਨੂੰ ਦੂਜਾ ਸਭ ਤੋਂ ਵਿਆਪਕ ਵਿਦੇਸ਼ੀ ਦਖ਼ਲਅੰਦਾਜ਼ੀ ਕਰਨ ਵਾਲਾ ਦੇਸ਼ ਕਰਾਰ ਦਿੱਤਾ ਹੈ। ਕੈਨੇਡਾ ਅਤੇ ਭਾਰਤ ਵਿਚਾਲੇ ਪਿਛਲੇ ਕੁਝ ਸਾਲਾਂ ਦੌਰਾਨ ਪੈਦਾ ਹੋਏ ਤਣਾਅ ਦਾ ਕਾਰਨ ਖਾਲਿਸਤਾਨ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦਾ ਕਤਲ ਰਿਹਾ ਹੈ। 18 ਜੂਨ 2023 ਨੂੰ ਬ੍ਰਿਟਿਸ਼ ਕੋਲੰਬੀਆ ਵਿੱਚ ਨਿੱਝਰ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਸਤੰਬਰ 2023 ਵਿੱਚ ਤਤਕਾਲੀ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਸੰਸਦ ਵਿੱਚ ਕਿਹਾ ਸੀ ਕਿ ਕੈਨੇਡੀਅਨ ਸੁਰੱਖਿਆ ਏਜੰਸੀਆਂ ਭਾਰਤ ਸਰਕਾਰ ਦੇ ਏਜੰਟਾਂ ਅਤੇ ਨਿੱਝਰ ਦੇ ਕਤਲ ਵਿਚਕਾਰ ਸੰਭਾਵਿਤ ਸਬੰਧਾਂ ਬਾਰੇ ਭਰੋਸੇਯੋਗ ਦੋਸ਼ਾਂ ਦੀ ਜਾਂਚ ਕਰ ਰਹੀਆਂ ਹਨ। ਭਾਰਤ ਨੇ ਇਨ੍ਹਾਂ ਦੋਸ਼ਾਂ ਨੂੰ ਰੱਦ ਕੀਤਾ ਸੀ। ਇਸ ਮਾਮਲੇ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਾਲੇ ਕੂਟਨੀਤਕ ਤਣਾਅ ਵਧਦਾ ਗਿਆ ਅਤੇ ਰਿਸ਼ਤਿਆਂ ਵਿੱਚ ਵੱਡੀ ਦਰਾਰ ਪੈ ਗਈ। ਅਕਤੂਬਰ 2024 ਵਿੱਚ ਇਹ ਵਿਵਾਦ ਉਸ ਵੇਲੇ ਹੋਰ ਗੰਭੀਰ ਹੋ ਗਿਆ ਜਦੋਂ ਕੈਨੇਡਾ ਨੇ ਛੇ ਭਾਰਤੀ ਡਿਪਲੋਮੈਟਾਂ ਅਤੇ ਕੌਂਸਲਰ ਅਧਿਕਾਰੀਆਂ ਨੂੰ ਦੇਸ਼ ਛੱਡਣ ਲਈ ਕਿਹਾ। ਕੈਨੇਡੀਅਨ ਅਧਿਕਾਰੀਆਂ ਨੇ ਉਸ ਸਮੇਂ ਦਾਅਵਾ ਕੀਤਾ ਸੀ ਕਿ ਜਾਂਚ ਦੌਰਾਨ ਭਾਰਤ ਸਰਕਾਰ ਨਾਲ ਜੁੜੇ ਏਜੰਟਾਂ ਅਤੇ ਕੈਨੇਡਾ ਵਿੱਚ ਕੁਝ ਹਿੰਸਕ ਅਪਰਾਧਿਕ ਸਰਗਰਮੀਆਂ ਵਿਚਕਾਰ ਸਬੰਧਾਂ ਬਾਰੇ ਜਾਣਕਾਰੀ ਸਾਹਮਣੇ ਆਈ ਹੈ। ਭਾਰਤ ਨੇ ਇਨ੍ਹਾਂ ਦੋਸ਼ਾਂ ਦਾ ਵਿਰੋਧ ਕਰਦਿਆਂ ਜਵਾਬੀ ਕੂਟਨੀਤਕ ਕਾਰਵਾਈ ਕੀਤੀ ਸੀ। ਸੀ.ਐੱਸ.ਆਈ.ਐੱਸ. ਦੀ ਨਵੀਂ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਰਤ ਕੋਲ ਕੈਨੇਡੀਅਨ ਭਾਈਚਾਰਿਆਂ ਅਤੇ ਲੋਕਤੰਤਰੀ ਪ੍ਰਕਿਰਿਆਵਾਂ ਵਿੱਚ ਦਖ਼ਲ ਦੇਣ ਦੀ ਇੱਛਾ ਅਤੇ ਸਮਰੱਥਾ ਦੋਵੇਂ ਮੌਜੂਦ ਹਨ। ਰਿਪੋਰਟ ਮੁਤਾਬਕ ਇਹ ਸਰਗਰਮੀਆਂ ਕਿਸੇ ਇੱਕ ਸਿਆਸੀ ਪਾਰਟੀ ਤੱਕ ਸੀਮਤ ਨਹੀਂ ਹਨ ਅਤੇ ਸੰਘੀ, ਸੂਬਾਈ ਅਤੇ ਨਗਰ ਪੱਧਰ ਤੱਕ ਸਿਆਸੀ ਪ੍ਰਕਿਰਿਆਵਾਂ ਨੂੰ ਨਿਸ਼ਾਨਾ ਬਣਾਇਆ ਜਾ ਸਕਦਾ ਹੈ। ਸੀ.ਐੱਸ.ਆਈ.ਐੱਸ. ਦਾ ਦਾਅਵਾ ਹੈ ਕਿ ਭਾਰਤੀ ਅਧਿਕਾਰੀਆਂ, ਡਿਪਲੋਮੈਟਾਂ ਅਤੇ ਐਲਾਨੇ ਜਾਂ ਗੁਪਤ ਖੁਫੀਆ ਅਧਿਕਾਰੀਆਂ ਵੱਲੋਂ ਕੈਨੇਡਾ ਵਿੱਚ ਦਖ਼ਲਅੰਦਾਜ਼ੀ ਦੀਆਂ ਸਰਗਰਮੀਆਂ ਕੀਤੀਆਂ ਜਾਂਦੀਆਂ ਰਹੀਆਂ ਹਨ। ਇਸ ਮਕਸਦ ਲਈ ਵਿਚੋਲਿਆਂ, ਪ੍ਰਭਾਵਸ਼ਾਲੀ ਵਿਅਕਤੀਆਂ ਅਤੇ ਜਥੇਬੰਦੀਆਂ ਦੀ ਵਰਤੋਂ ਕੀਤੇ ਜਾਣ ਦਾ ਵੀ ਰਿਪੋਰਟ ਵਿੱਚ ਜ਼ਿਕਰ ਹੈ। ਰਿਪੋਰਟ ਦਾ ਇੱਕ ਅਹਿਮ ਹਿੱਸਾ ਕੈਨੇਡਾ ਵਿੱਚ ਖ਼ਾਲਿਸਤਾਨ ਪੱਖੀ ਸਰਗਰਮੀਆਂ ਨਾਲ ਸਬੰਧਤ ਹੈ। ਸੀ.ਐੱਸ.ਆਈ.ਐੱਸ. ਦਾ ਦਾਅਵਾ ਹੈ ਕਿ ਭਾਰਤੀ ਮੂਲ ਦੇ ਭਾਈਚਾਰੇ ਨਾਲ ਜੁੜੇ ਮੀਡੀਆ ਅਤੇ ਸਮਾਜਿਕ ਮੀਡੀਆ ਰਾਹੀਂ ਭਾਰਤ ਪੱਖੀ ਸੁਨੇਹਿਆਂ ਨੂੰ ਅੱਗੇ ਵਧਾ ਕੇ ਕੈਨੇਡਾ-ਅਧਾਰਿਤ ਖ਼ਾਲਿਸਤਾਨ ਲਹਿਰ ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾਂਦੀਆਂ ਹਨ। ਗਲਤ ਜਾਂ ਭਰਮਾਊ ਜਾਣਕਾਰੀ ਫੈਲਾਉਣ ਅਤੇ ਮੀਡੀਆ ਰਾਹੀਂ ਲੋਕਾਂ ਦੀ ਰਾਏ ਨੂੰ ਪ੍ਰਭਾਵਿਤ ਕਰਨ ਦੀਆਂ ਕੋਸ਼ਿਸ਼ਾਂ ਦਾ ਵੀ ਰਿਪੋਰਟ ਵਿੱਚ ਜ਼ਿਕਰ ਕੀਤਾ ਗਿਆ ਹੈ। ਸੀ.ਐੱਸ.ਆਈ.ਐੱਸ. ਨੇ ਵੀਜ਼ਿਆਂ ਦੀ ਵਰਤੋਂ, ਭਾਰਤ ਜਾਣ ਤੋਂ ਰੋਕਣ ਲਈ ਕਾਲੀਆਂ ਸੂਚੀਆਂ, ਭਾਈਚਾਰਕ



ਜਥੇਬੰਦੀਆਂ ਦੀ ਨਿਗਰਾਨੀ ਅਤੇ ਭਾਰਤ ਵਿੱਚ ਰਹਿੰਦੇ ਪਰਿਵਾਰਕ ਮੈਂਬਰਾਂ ਉੱਤੇ ਦਬਾਅ ਜਾਂ ਧਮਕੀਆਂ ਵਰਗੇ ਤਰੀਕਿਆਂ ਦਾ ਵੀ ਜ਼ਿਕਰ ਕੀਤਾ ਹੈ। ਏਜੰਸੀ ਮੁਤਾਬਕ ਅਜਿਹੇ ਤਰੀਕਿਆਂ ਰਾਹੀਂ ਕੈਨੇਡਾ ਵਿੱਚ ਰਹਿੰਦੇ ਲੋਕਾਂ ਦੇ ਵਿਚਾਰਾਂ ਅਤੇ ਸਰਗਰਮੀਆਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ। ਰਿਪੋਰਟ ਮੁਤਾਬਕ ਛੇ ਭਾਰਤੀ ਡਿਪਲੋਮੈਟਾਂ ਅਤੇ ਕੌਂਸਲਰ ਅਧਿਕਾਰੀਆਂ ਨੂੰ ਕੈਨੇਡਾ ਤੋਂ ਕੱਢੇ ਜਾਣ ਤੋਂ ਬਾਅਦ ਵੀ ਭਾਰਤ ਨਾਲ ਜੋੜੀਆਂ ਵਿਦੇਸ਼ੀ ਦਖ਼ਲਅੰਦਾਜ਼ੀ ਦੀਆਂ ਕੋਸ਼ਿਸ਼ਾਂ ਜਾਰੀ ਰਹਿਣ ਦੀ ਸੰਭਾਵਨਾ ਹੈ। ਸੀ.ਐੱਸ.ਆਈ.ਐੱਸ. ਦਾ ਮੁਲਾਂਕਣ ਹੈ ਕਿ ਕਾਰਵਾਈ ਤੋਂ ਬਾਅਦ ਅਜਿਹੀਆਂ ਸਰਗਰਮੀਆਂ ਦੇ ਢੰਗ ਬਦਲੇ ਜਾ ਸਕਦੇ ਹਨ ਅਤੇ ਉਨ੍ਹਾਂ ਦੀ ਪਛਾਣ ਕਰਨੀ ਹੋਰ ਔਖੀ ਹੋ ਸਕਦੀ ਹੈ। ਰਿਪੋਰਟ ਵਿੱਚ ਸਿਰਫ਼ ਭਾਰਤ ਹੀ ਨਹੀਂ, ਸਗੋਂ ਚੀਨ, ਰੂਸ, ਪਾਕਿਸਤਾਨ ਅਤੇ ਇਰਾਨ ਦੀਆਂ ਸਰਗਰਮੀਆਂ ਬਾਰੇ ਵੀ ਚਿੰਤਾ ਪ੍ਰਗਟਾਈ ਗਈ ਹੈ। ਚੀਨ ਨੂੰ ਕੈਨੇਡਾ ਵਿੱਚ ਵਿਦੇਸ਼ੀ ਦਖ਼ਲਅੰਦਾਜ਼ੀ ਦਾ ਸਭ ਤੋਂ ਵੱਡਾ ਸਰੋਤ ਦੱਸਿਆ ਗਿਆ ਹੈ। ਰੂਸ ਬਾਰੇ ਕਿਹਾ ਗਿਆ ਹੈ ਕਿ ਉਹ ਗਲਤ ਜਾਣਕਾਰੀ ਅਤੇ ਪ੍ਰਭਾਵ ਮੁਹਿੰਮਾਂ ਰਾਹੀਂ ਆਪਣੇ ਹਿੱਤਾਂ ਨੂੰ ਅੱਗੇ ਵਧਾਉਣ ਦੀ ਸਮਰੱਥਾ ਰੱਖਦਾ ਹੈ। ਪਾਕਿਸਤਾਨ ਬਾਰੇ ਸੰਘੀ ਅਤੇ ਸੂਬਾਈ ਪੱਧਰ ਦੀਆਂ ਸਿਆਸੀ ਪ੍ਰਕਿਰਿਆਵਾਂ ਵਿੱਚ ਦਖ਼ਲ ਦੀ ਸਮਰੱਥਾ ਦਾ ਜ਼ਿਕਰ ਹੈ, ਜਦਕਿ ਇਰਾਨ ਨਾਲ ਸਬੰਧਤ ਖੁਫੀਆ ਸਰਗਰਮੀਆਂ ਅਤੇ ਵਿਦੇਸ਼ਾਂ ਵਿੱਚ ਵਿਰੋਧੀ ਆਵਾਜ਼ਾਂ ਉੱਤੇ ਦਬਾਅ ਨੂੰ ਵੀ ਚਿੰਤਾ ਦਾ ਵਿਸ਼ਾ ਦੱਸਿਆ ਗਿਆ ਹੈ। ਨਿੱਝਰ ਕਤਲ ਤੋਂ ਬਾਅਦ ਪੈਦਾ ਹੋਇਆ ਕੈਨੇਡਾ-ਭਾਰਤ ਵਿਵਾਦ ਹੁਣ ਸਿਰਫ਼ ਇੱਕ ਫ਼ੌਜਦਾਰੀ ਜਾਂਚ ਤੱਕ ਸੀਮਤ ਨਹੀਂ ਰਿਹਾ। ਵਿਦੇਸ਼ੀ ਦਖ਼ਲਅੰਦਾਜ਼ੀ, ਕੌਮੀ ਸੁਰੱਖਿਆ ਅਤੇ ਵਿਦੇਸ਼ੀ ਧਰਤੀ 'ਤੇ ਵਿਰੋਧੀ ਆਵਾਜ਼ਾਂ ਨੂੰ ਦਬਾਉਣ ਸਬੰਧੀ ਦੋਸ਼ ਵੀ ਇਸ ਵਿਵਾਦ ਦਾ ਹਿੱਸਾ ਬਣ ਚੁੱਕੇ ਹਨ। ਸੀ.ਐੱਸ.ਆਈ.ਐੱਸ. ਦੀ ਨਵੀਂ ਰਿਪੋਰਟ ਨੇ ਇਨ੍ਹਾਂ ਮੁੱਦਿਆਂ ਨੂੰ ਇੱਕ ਵਾਰ ਫਿਰ ਕੈਨੇਡਾ ਦੀ ਕੌਮੀ ਸੁਰੱਖਿਆ ਸਬੰਧੀ ਚਰਚਾ ਦੇ ਕੇਂਦਰ ਵਿੱਚ ਲਿਆ ਦਿੱਤਾ ਹੈ। ਇਸੇ ਦੌਰਾਨ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਨਿਊਯਾਰਕ ਟਾਈਮਜ਼ ਨੂੰ ਦਿੱਤੇ ਇੰਟਰਵਿਊ ਵਿੱਚ ਕਿਹਾ ਕਿ ਭਾਰਤ ਨਾਲ ਸੁਰੱਖਿਆ ਸਹਿਯੋਗ ਵਿੱਚ ਕੁਝ ਸੁਧਾਰ ਹੋਇਆ ਹੈ, ਪਰ ਉਹ ਇਸ ਗੱਲ ਦੀ ਗਾਰੰਟੀ ਨਹੀਂ ਦੇ ਸਕਦੇ ਕਿ ਕੈਨੇਡਾ ਵਿੱਚ ਮੁੜ ਅਜਿਹੇ ਅਪਰਾਧ ਨਹੀਂ ਹੋਣਗੇ।

## ਇੱਕ ਨਜ਼ਰ...



### ਪਿੰਡ ਮਾਛੀਵਾੜਾ ਵਿਖੇ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦਾ ਆਗਮਨ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ

ਫ਼ਿਰੋਜ਼ਪੁਰ, 3 ਐਕਤੂਬਰ (ਮਨੋਹਰ ਲਾਲ) :— ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦੇ ਆਗਮਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਮਾਛੀਵਾੜਾ (ਨੇੜੇ ਜੋਸਨ ਪੈਟਰੋਲ ਪੰਪ ਜ਼ਿਲ੍ਹਾ ਫ਼ਿਰੋਜ਼ਪੁਰ) ਵਿਖੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ 31 ਅਕਤੂਬਰ ਤੋਂ 1 ਅਤੇ 2 ਨਵੰਬਰ 2026 ਨੂੰ 3 ਦਿਨਾ ਧਾਰਮਿਕ ਸਮਾਗਮ ਬੜੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਨ੍ਹਾਂ ਸਮਾਗਮਾਂ ਵਿਚ ਵੱਡੀ ਗਿਣਤੀ ਸੰਗਤਾਂ ਨੇ ਸ਼ਮੂਲੀਅਤ ਕਰਕੇ ਜਿਥੇ ਆਏ ਸੰਤਾਂ ਮਹਾਂਪੁਰਸ਼ਾਂ ਤੋਂ ਬਾਣੀ ਸਰਵਣ ਕੀਤੀ ਉਥੇ ਸਮਾਗਮਾਂ ਦੌਰਾਨ ਪੁੱਜੀਆਂ ਸਖਸ਼ੀਅਤਾਂ ਨੇ ਸੰਗਤਾਂ ਨੂੰ ਗੁਰਬਾਣੀ ਦਾ ਹਰ ਵੇਲੇ ਸਰਵਣ ਕਰਨ ਦੀ ਅਪੀਲ ਕੀਤੀ। ਇਨ੍ਹਾਂ ਸਮਾਗਮਾਂ ਦੌਰਾਨ 31 ਅਕਤੂਬਰ 2026 ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਅਤੇ ਰਾਤ 7 ਵਜੇ ਤੋਂ 11 ਵਜੇ ਤੱਕ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਭਾਈ ਸੁਖਦੇਵ ਸਿੰਘ ਆਜ਼ਾਦ ਅਤੇ ਕਥਾਵਾਚਕ ਭਾਈ ਹਰਪ੍ਰੀਤ ਸਿੰਘ ਵੰਡਾਲਾ (ਅੰਮ੍ਰਿਤਸਰ) ਨੇ ਹਾਜ਼ਰੀ ਭਰੀ। ਪ੍ਰਬੰਧਕਾਂ ਨੇ ਦੱਸਿਆ ਕਿ 1 ਨਵੰਬਰ 2026 ਨੂੰ ਸਵੇਰੇ 7:15 ਤੋਂ 8:15 ਵਜੇ ਤੱਕ ਸੋਢੀ ਪਾਤਸ਼ਾਹ ਮਹਾਨ ਨਾਮਸਿਮਰਨ ਅਭਿਆਸ ਕਰਵਾਇਆ ਗਿਆ, ਜਿਸ ਉਪਰੰਤ ਰਾਤ 7:30 ਤੋਂ 10 ਵਜੇ ਤੱਕ ਵਿਸ਼ੇਸ਼ ਧਾਰਮਿਕ ਦੀਵਾਨ ਸਜਾਏ ਗਏ, ਜਿਨ੍ਹਾਂ ਵਿੱਚ ਭਾਈ ਸੁਖਦੇਵ ਸਿੰਘ ਆਜ਼ਾਦ ਅਤੇ ਢਾਡੀ ਜਥਾ ਭਾਈ ਮੇਜਰ ਸਿੰਘ ਖ਼ਾਲਸਾ (ਸੁਲਤਾਨਪੁਰ ਲੋਧੀ ਵਾਲੇ) ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ। ਉਨ੍ਹਾਂ ਦੱਸਿਆ ਕਿ 2 ਨਵੰਬਰ 2026ਸਵੇਰੇ 8:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਦੋਂ ਕਿ ਸਵੇਰੇ 9 ਤੋਂ 11:30 ਵਜੇ ਤੱਕ ਗੁਰਮਤਿ ਸਮਾਗਮ ਹੋਏ। ਧਾਰਮਿਕ ਸਮਾਗਮਾਂ ਦੌਰਾਨ ਗੁਰੂ ਤੇ ਗੁਰਬਾਣੀ ਨਾਲ ਜੁੜ ਬਾਣੇ ਦੇ ਧਾਰਨੀ ਬਨਣ ਵਾਲੇ ਪ੍ਰਾਣੀਆਂ ਨੂੰ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ। ਇਸ ਮੌਕੇ ਭਾਈ ਸੁਖਦੇਵ ਸਿੰਘ ਆਜ਼ਾਦ ਅਤੇ ਢਾਡੀ ਜਥਾ ਭਾਈ ਗੁਰਪ੍ਰਤਾਪ ਸਿੰਘ ਪਦਮ ਨੇ ਪ੍ਰਵਚਨ ਕਰਦਿਆਂ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਣ ਦੀ ਅਪੀਲ ਕੀਤੀ। ਪ੍ਰਬੰਧਕਾਂ ਨੇ ਦੱਸਿਆ ਕਿ ਸਮਾਪਤੀ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਗਿਆਨੀ ਪ੍ਰੇਮ ਸਿੰਘ (ਹੈੱਡ ਗ੍ਰੰਥੀ ਅਰਦਾਸੀਏ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ) ਨੇ ਕੀਤੀ, ਜਦੋਂ ਕਿ ਸਟੇਜ ਸੈਕਟਰੀ ਦੀ ਸੇਵਾ ਭਾਈ ਬਲਵਿੰਦਰ ਸਿੰਘ ਖ਼ਾਲਸਾ (ਸਿੱਖ ਮਿਸ਼ਨਰੀ ਪ੍ਰਚਾਰਕ) ਨੇ ਅਦਾ ਕੀਤੀ। ਇਸ ਤਿੰਨ ਦਿਨਾਂ ਸਮਾਗਮ ਦੌਰਾਨ ਗੁਰੂ ਕਾ ਲੰਗਰ ਅੱਟੁਟ ਵਰਤਾਇਆ ਗਿਆ।

### ਗੁਰਦੁਆਰਾ ਭਲਾਈ ਸਾਹਿਬ ਵਿਖੇ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਦਾ ਜੋਤੀ ਜੋਤ ਗੁਰਪੁਰਬ ਸ਼ਰਧਾ ਨਾਲ ਮਨਾਇਆ ਗਿਆ

ਫ਼ਿਰੋਜ਼ਪੁਰ, 3 ਅਕਤੂਬਰ (ਮਨੋਹਰ ਲਾਲ) : ਪਿੰਡ ਕਟੋਰਾ (ਫਿਰੋਜ਼ਪੁਰ ਤੋਂ ਮੱਲਾਂਵਾਲਾ ਸੜਕ ਤੋਂ ਕਟੋਰਾ



ਤੋਂ ਆਰਿਫ ਕੇ ਦੇ ਵਿਚਾਲੇ ਸੜਕ ਉਪਰ ਸਥਿਤ) ਦੇ ਗੁਰਦੁਆਰਾ ਭਲਾਈ ਸਾਹਿਬ ਤੀਜੀ ਪਾਤਸ਼ਾਹੀ ਸ੍ਰੀ ਗੁਰੂ ਅਮਰਦਾਸ ਜੀ ਵਿਖੇ ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਦੇ ਸਹਿਯੋਗ ਨਾਲ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਦਾ ਜੋਤੀ ਜੋਤਿ ਗੁਰਪੁਰਬ ਬੜੀ ਸ਼ਰਧਾ ?ਭਾਵਨਾ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ 01 ਅਕਤੂਬਰ ਨੂੰ ਆਰੰਭ ਕੀਤੇ ਗਏ ਸਨ, ਜਿਨ੍ਹਾਂ ਦੇ ਭੋਗ 03 ਅਕਤੂਬਰ ਨੂੰ ਪਾਏ ਗਏ। ਇਸ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਭਾਰੀ ਦੀਵਾਨ ਸਜਾਏ ਗਏ, ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ, ਕਥਾਵਾਚਕ ਤੇ ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਗੁਰੂ ਜਸ ਸੁਣਾ ਕੇ ਨਿਹਾਲ ਕੀਤਾ। ਇਨ੍ਹਾਂ ਸਮਾਗਮਾਂ ਵਿੱਚ ਭਾਈ ਸੁਖਦੇਵ ਸਿੰਘ ਡੱਲਾ (ਬਾਓਲੀ ਸਾਹਿਬ ਵਾਲੇ), ਭਾਈ ਕੁਲਦੀਪ ਸਿੰਘ (ਲੱਖੋਕੇ ਬਹਿਰਾਮ), ਭਾਈ ਅੰਮ੍ਰਿਤਪਾਲ ਸਿੰਘ (ਫਿਰੋਜ਼ਪੁਰ), ਬੀਬੀ ਦਲਜੀਤ ਕੌਰ (ਅਰਮਾਨਪੁਰਾ), ਭਾਈ ਹਰਜਿੰਦਰ ਸਿੰਘ (ਅਟਾਰੀ ਵਾਲੇ), ਭਾਈ ਬੋਹੜ ਸਿੰਘ (ਬਾਰੇ ਕੇ) ਅਤੇ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਸਾਹਦੀਨ ਵਾਲਾ ਦੇ ਬੱਚਿਆਂ ਨੇ ਗੁਰਬਾਣੀ ਕੀਰਤਨ ਅਤੇ ਢਾਡੀ ਵਾਰਾਂ ਰਾਹੀਂ ਹਾਜ਼ਰੀ ਭਰੀ। ਇਨ੍ਹਾਂ ਸਮਾਗਮਾਂ ਦੌਰਾਨ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਦੱਸਿਆ ਕਿ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਦੇ ਨਾਲ ਹੀ ਉਨ੍ਹਾਂ ਨੇ ਸੰਗਤਾਂ ਨੂੰ ਜਾਣਕਾਰੀ ਦਿੱਤੀ ਕਿ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਗੁਰਪੁਰਬ 22.10.2026 ਨੂੰ ਗੁਰਦੁਆਰਾ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਵਿਖੇ ਮਨਾਇਆ ਜਾ ਰਿਹਾ ਹੈ। ਸੰਤ ਬਾਬਾ ਭਗਤ ਮਿਲਖਾ ਸਿੰਘ ਅਤੇ ਸਮੂਹ ਇਲਾਕਾ ਨਿਵਾਸੀਆਂ ਨੇ ਸੰਗਤਾਂ ਦਾ ਧੰਨਵਾਦ ਕੀਤਾ।

# ਬਰਲਿਨ (ਜਰਮਨੀ) ਵਿਖੇ ਪੰਜਾਬੀ ਭਾਈਚਾਰੇ ਨਾਲ ਨਿੱਘੀ ਮੁਲਾਕਾਤ, ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਵਿਸ਼ੇਸ਼ ਤੌਰ ’ਤੇ ਹਾਜ਼ਰ







ਬਰਲਿਨ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)– ਜਰਮਨੀ ਦੇ ਬਰਲਿਨ ਵਿਖੇ ਭਾਰਤੀ ਹਾਈ ਕਮਿਸ਼ਨ ਦੇ ਅਧਿਕਾਰੀਆਂ ਅਤੇ ਉੱਥੇ ਵਸਦੇ ਪੰਜਾਬੀ ਭਾਈਚਾਰੇ ਨਾਲ ਇੱਕ ਸਾਰਥਕ ਅਤੇ ਨਿੱਘੀ ਮੁਲਾਕਾਤ ਹੋਈ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਰੋੜੀ ਜੀ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ। ਮੁਲਾਕਾਤ ਦੌਰਾਨ ਵਿਦੇਸ਼ਾਂ ਵਿੱਚ ਵਸਦੇ ਪੰਜਾਬੀ ਭੈਣ–ਭਰਾਵਾਂ ਵੱਲੋਂ ਆਪਣੀ ਸਖ਼ਤ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਪੂਰੀ ਦੁਨੀਆ ਵਿੱਚ ਪੰਜਾਬ ਦਾ ਨਾਂ ਰੌਸ਼ਨ ਕਰਨ ਦੀ ਸ਼ਲਾਘਾ ਕੀਤੀ ਗਈ। ਇਸ ਦੌਰਾਨ ਪ੍ਰਵਾਸੀ ਪੰਜਾਬੀਆਂ ਦੇ ਮਸਲਿਆਂ, ਪੰਜਾਬ ਨਾਲ ਉਨ੍ਹਾਂ ਦੇ ਜੁੜਾਵ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਵਿੱਚ ਉਨ੍ਹਾਂ ਦੀ ਭਾਈਵਾਲੀ ਨੂੰ ਲੈ ਕੇ ਵਿਸਥਾਰਪੂਰਵਕ ਵਿਚਾਰ–ਵਟਾਂਦਰਾ ਕੀਤਾ ਗਿਆ।

# ਕੌਂਸਲਰ ਜਗਜੀਤ ਸਿੰਘ ਹਰਦੋ ਪ੍ਰਹੌਲਾ ਨੇ ਇੱਕੋ ਦਿਨ ਦੋ ਮੈਰਾਥਨ ਦੌੜ ਕੇ ਬਣਾਇਆ ਨਵਾਂ ਰਿਕਾਰਡ

**84 ਕਿਲੋਮੀਟਰ ਦੌੜ ਕੇ ਕੀਤਾ ਵਿਲੱਖਣ ਕਾਰਨਾਮਾ • 595 ਪੌਂਡ ਹਿਲਿੰਗਡਨ ਆਟਿਸਟਿਕ ਕੇਅਰ ਐਂਡ ਸਪੋਰਟ ਲਈ ਕੀਤੇ ਇਕੱਠੇ**

**600 ਤੋਂ ਵੱਧ ਮੈਰਾਥਨ ਦੌੜਾਂ ਨੂੰ ਚੈਰਿਟੀ ਲਈ ਸਮਰਪਿਤ ਕਰ ਚੁੱਕੇ ਹਨ ਜਗਜੀਤ ਸਿੰਘ ਹਰਦੋ ਪ੍ਰਹੌਲਾ**





ਲੰਡਨ, 3 ਅਕਤੂਬਰ (ਸਰਬਜੀਤ ਸਿੰਘ ਬਨੂੜ)– ਸਮਾਜ ਸੇਵਾ ਅਤੇ ਮੈਰਾਥਨ ਦੌੜਾਂ ਨਾਲ ਲੰਮੇ ਸਮੇਂ ਤੋਂ ਜੁੜੇ ਜਗਜੀਤ ਸਿੰਘ ਹਰਦੋ ਪ੍ਰਹੌਲਾ ਨੇ ਇੱਕੋ ਦਿਨ ਵਿੱਚ ਦੋ ਪੂਰੀਆਂ ਮੈਰਾਥਨ ਦੌੜ ਕੇ ਕਰੀਬ 84 ਕਿਲੋਮੀਟਰ ਦਾ ਸਫ਼ਰ ਪੂਰਾ ਕਰਦਿਆਂ ਇੱਕ ਹੋਰ ਵਿਲੱਖਣ ਪ੍ਰਾਪਤੀ ਆਪਣੇ ਨਾਂ ਕੀਤੀ ਹੈ। ਇਸ ਦੌੜ ਰਾਹੀਂ ਉਨ੍ਹਾਂ ਨੇ 595 ਪੌਂਡ ਦੀ ਰਕਮ ਇਕੱਠੀ ਕੀਤੀ, ਜੋ ਹਿਲਿੰਗਡਨ ਆਟਿਸਟਿਕ ਕੇਅਰ ਐਂਡ ਸਪੋਰਟ ਲਈ ਸਮਰਪਿਤ ਕੀਤੀ ਗਈ। ਜਗਜੀਤ ਸਿੰਘ ਹਰਦੋ ਪ੍ਰਹੌਲਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਇੱਕੋ ਦਿਨ ਵਿੱਚ 84 ਕਿਲੋਮੀਟਰ ਦੌੜ ਪੂਰੀ ਕਰਕੇ ਉਨ੍ਹਾਂ ਨੂੰ ਬੇਹੱਦ ਮਾਣ ਮਹਿਸੂਸ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਲਈ ਦੌੜ ਸਿਰਫ਼ ਖੇਡ ਜਾਂ ਨਿੱਜੀ ਪ੍ਰਾਪਤੀ ਨਹੀਂ, ਸਗੋਂ ਸਮਾਜ ਦੇ ਲੋੜਵੰਦ ਲੋਕਾਂ ਦੀ ਸਹਾਇਤਾ ਕਰਨ ਦਾ ਇੱਕ ਜ਼ਰੀਆ ਵੀ ਹੈ। ਜ਼ਿਕਰਯੋਗ ਹੈ ਕਿ ਜਗਜੀਤ ਸਿੰਘ ਹਰਦੋ ਪ੍ਰਹੌਲਾ ਦਸਤਾਰ ਸਜਾ ਕੇ ਮੈਰਾਥਨ ਦੌੜਾਂ ਵਿੱਚ ਹਿੱਸਾ ਲੈਂਦੇ ਹਨ। 600 ਤੋਂ ਵੱਧ ਮੈਰਾਥਨ ਦੌੜਾਂ ਪੂਰੀਆਂ ਕਰ ਚੁੱਕੇ ਜਗਜੀਤ ਸਿੰਘ ਨੇ ਆਪਣੀ ਦੌੜ ਨੂੰ ਸਿਰਫ਼ ਖੇਡ ਤੱਕ ਸੀਮਤ ਨਹੀਂ ਰੱਖਿਆ, ਸਗੋਂ ਇਸ ਨੂੰ ਚੈਰਿਟੀ ਅਤੇ ਸਮਾਜ ਸੇਵਾ ਨਾਲ ਜੋੜਿਆ ਹੈ। ਸਿਰ ’ਤੇ ਦਸਤਾਰ ਅਤੇ ਦਿਲ ਵਿੱਚ ਸੇਵਾ ਦਾ ਜਜ਼ਬਾ ਲੈ ਕੇ ਦੌੜਨਾ ਉਨ੍ਹਾਂ ਦੀ ਵੱਖਰੀ ਪਛਾਣ ਬਣ ਚੁੱਕੀ ਹੈ। ਜਗਜੀਤ ਸਿੰਘ ਪੇਸ਼ੇ ਵਜੋਂ ਡਨਾਟਾ ਕੈਟਰਿੰਗ ਵਿੱਚ ਮੈਨੇਜਰ ਵਜੋਂ ਸੇਵਾਵਾਂ ਨਿਭਾ ਰਹੇ ਹਨ। ਇਸ ਦੇ ਨਾਲ ਹੀ ਉਹ ਲੰਡਨ ਦੇ ਹਿਲਿੰਗਡਨ ਬਰੋ ਵਿੱਚ ਲਗਾਤਾਰ ਕੌਂਸਲਰ ਵਜੋਂ ਵੀ ਸੇਵਾ ਨਿਭਾਉਂਦੇ ਆ ਰਹੇ ਹਨ। ਰੁਝੇਵਿਆਂ ਭਰੀ ਪੇਸ਼ੇਵਰ ਅਤੇ ਜਨਤਕ ਜ਼ਿੰਦਗੀ ਦੇ ਬਾਵਜੂਦ ਮੈਰਾਥਨ ਦੌੜਾਂ ਅਤੇ ਚੈਰਿਟੀ ਕਾਰਜਾਂ ਨਾਲ ਉਨ੍ਹਾਂ ਦੀ ਲਗਾਤਾਰ ਸਾਂਝ ਉਨ੍ਹਾਂ ਦੀ ਸਮਾਜ ਸੇਵਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਸ ਮੌਕੇ ਜਗਜੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਭਵਿੱਖ ਵਿੱਚ ਵੀ ਦੌੜ ਰਾਹੀਂ ਚੈਰਿਟੀ ਕਾਰਜਾਂ ਲਈ ਵੱਧ ਤੋਂ ਵੱਧ ਸਹਿਯੋਗ ਇਕੱਠਾ ਕਰਨ ਅਤੇ ਸਮਾਜ ਵਿੱਚ ਸੇਵਾ ਦਾ ਸੁਨੇਹਾ ਪਹੁੰਚਾਉਣ ਦੀ ਰਹੇਗੀ।

# ਆਰ.ਐਸ ਇੰਟਰਨੈਸ਼ਨਲ ਸਕੂਲ ਫਿਰੋਜ਼ਪੁਰ ਦੇ ਅਭੈਜੋਤ ਸਿੰਘ ਭੁੱਲਰ ਦੀ ਕੌਮੀ ਪੱਧਰ ’ਤੇ ਧਾਕ, ਟੀਮ ਇੰਡੀਆ ਲਈ ਚੁਣਿਆ ਗਿਆ





ਫ਼ਿਰੋਜ਼ਪੁਰ, 3 ਅਕਤੂਬਰ (ਮਨੋਹਰ ਲਾਲ) :— ਆਰ.ਐਸ. ਇੰਟਰਨੈਸ਼ਨਲ ਸਕੂਲ ਫਿਰੋਜ਼ਪੁਰ ਛਾਉਣੀ ਦੇ ਵਿਦਿਆਰਥੀ ਅਭੈਜੋਤ ਸਿੰਘ ਭੁੱਲਰ ਦੀ ਵਰਲਡ ਸਕੇਟ ਗੇਮਜ਼ 2026 (ਦੱਖਣੀ ਅਮਰੀਕ) ਲਈ ਇਨਲਾਈਨ ਹਾਕੀ ਦੀ ਟੀਮ ਇੰਡੀਆ ਵਿੱਚ ਚੋਣ ਹੋਈ ਹੈ। ਇਸ ਉਪਲਬਧੀ ਨਾਲ ਸਕੂਲ ਅਤੇ ਅਭੈਜੋਤ ਦੇ ਪਰਿਵਾਰ ਵਿੱਚ ਖ਼ੁਸ਼ੀ ਦਾ ਮਾਹੌਲ ਹੈ ਅਤੇ ਅਭੈਜੋਤ ਦੇ ਪਿਤਾ ਦਰਸ਼ਨ ਸਿੰਘ ਭੁੱਲਰ ਵਾਸੀ ਖੂਹ ਬੁਰਜ ਵਾਲਾ ਫਿਰੋਜ਼ਪੁਰ ਅਤੇ ਸਮੂਹ ਪਰਿਵਾਰ ਨੂੰ ਇਸ ਪ੍ਰਾਪਤੀ ’ਤੇ ਵਧਾਈ ਦਿੰਦਿਆਂ ਸਕੂਲ ਪ੍ਰਬੰਧਕ ਹਰਚਰਨ ਸਿੰਘ ਸਾਮਾ ਨੇ ਕਿਹਾ ਕਿ ਅਭੈਜੋਤ ਨੇ ਆਪਣੀ ਮਿਹਨਤ ਅਤੇ ਖੇਡ ਪ੍ਰਤੀ ਸਮਰਪਣ ਸਦਕਾ ਕੌਮੀ ਪੱਧਰ ’ਤੇ ਇਹ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਉਪਲਬਧੀ ਨੌਜਵਾਨ ਖਿਡਾਰੀਆਂ ਲਈ ਪ੍ਰੇਰਣਾ ਦਾ ਸਰੋਤ ਬਣੇਗੀ। ਜਿਕਰਯੋਗ ਹੈ ਕਿ ਆਰ.ਐਸ ਇੰਟਰਨੈਸ਼ਨਲ ਸਕੂਲ ਫਿਰੋਜ਼ਪੁਰ ਛਾਉਣੀ ਦੇ ਵਿਦਿਆਰਥੀ ਅਭੈਜੋਤ ਸਿੰਘ ਭੁੱਲਰ 2 ਅਕਤੂਬਰ ਤੋਂ 18 ਅਕਤੂਬਰ ਤੱਕ ਅਸੁਨਸੀਓਨ ਪੈਰਾਗੁਏ (ਸਾਊਥ ਅਮਰੀਕਾ) ਵਿਖੇ ਹੋਣ ਵਾਲੀਆਂ ਵਰਲਡ ਸਕੇਟ ਗੇਮ 2026 ਵਾਸਤੇ ਚੁਣਿਆ ਗਿਆ ਹੈ। ਸਕੂਲ ਪ੍ਰਿੰਸੀਪਲ ਮੈਡਮ ਸੋਨੀਆ ਰਾਣਾ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਅੱਗੇ ਵਧਣ ਲਈ ਮੌਕੇ ਦੇਣਾ ਸਿੱਖਿਆ ਦਾ ਅਹਿਮ ਹਿੱਸਾ ਹੈ। ਉਨ੍ਹਾਂ ਅਭੈਜੋਤ ਦੀ ਚੋਣ ’ਤੇ ਖ਼ੁਸ਼ੀ ਪ੍ਰਗਟ ਕਰਦਿਆਂ ਉਸ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ। ਵਾਈਸ ਪ੍ਰਿੰਸੀਪਲ ਮੈਡਮ ਇੰਦੂ ਸ਼ਰਮਾ ਨੇ ਅਭੈਜੋਤ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਸ ਦੀ ਇਹ ਪ੍ਰਾਪਤੀ ਮਿਹਨਤ ਅਤੇ ਲਗਨ ਨਾਲ ਆਪਣੇ ਟੀਚੇ ਹਾਸਲ ਕਰਨ ਵਾਲੇ ਵਿਦਿਆਰਥੀਆਂ ਲਈ ਇੱਕ ਚੰਗੀ ਮਿਸਾਲ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਅਭੈਜੋਤ ਅੰਤਰਰਾਸ਼ਟਰੀ ਪੱਧਰ ’ਤੇ ਸ਼ਾਨਦਾਰ ਪ੍ਰਦਰਸ਼ਨ ਕਰੇਗਾ। ਵਰਲਡ ਸਕੇਟ ਗੇਮਜ਼ 2026 ਵਿੱਚ ਭਾਰਤੀ ਟੀਮ ਦੀ ਨੁਮਾਇੰਦਗੀ ਕਰਨਾ ਅਭੈਜੋਤ ਦੇ ਖੇਡ ਜੀਵਨ ਦੀ ਮਹੱਤਵਪੂਰਨ ਪ੍ਰਾਪਤੀ ਹੈ। ਉਸ ਦੀ ਚੋਣ ਨਾਲ ਫਿਰੋਜ਼ਪੁਰ ਖੇਤਰ ਦੇ ਖੇਡ ਪ੍ਰੇਮੀਆਂ ਵਿੱਚ ਵੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਮੌਕੇ ਸਕੂਲ ਪ੍ਰਬੰਧਕ ਹਰਚਰਨ ਸਿੰਘ ਸਾਮਾ, ਪ੍ਰਿੰਸੀਪਲ ਸੋਨੀਆ ਰਾਣਾ, ਵਾਈਸ ਪ੍ਰਿੰਸੀਪਲ ਇੰਦੂ ਸ਼ਰਮਾ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਟੀਮ ਇੰਡੀਆ ਦੀ ਚੜ੍ਹਦੀਕਲਾ ਅਤੇ ਸਫਲਤਾ ਲਈ ਅਰਦਾਸ ਕੀਤੀ। ਉਨ੍ਹਾਂ ਅਭੈਜੋਤ ਨੂੰ ਆਉਣ ਵਾਲੇ ਮੁਕਾਬਲੇ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਆਪਣੀ ਪ੍ਰਤਿਭਾ ਨਾਲ ਦੇਸ਼ ਦਾ ਨਾਮ ਰੌਸ਼ਨ ਕਰੇ।